ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਸ਼ੁੱਕਰਵਾਰ, 29 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੪ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਪ੍ਰਿਅੰਕਾ ਗਾਂਧੀ ਨੇ ਸੰਸਦ ਮੈਂਬਰ ਵਜੋਂ ਚੁੱਕੀ ਸਹੁੰ, ਬੇਟਾ ਰੇਹਾਨ ਅਤੇ ਧੀ ਮਿਰਾਇਆ ਵਾਡਰਾ ਵੀ ਰਹੇ ਮੌਜੂਦ

**ਨਵੀਂ ਦਿੱਲੀ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਕਾਂਗਰਸ ਨੇਤਾ ਪ੍ਰਿਅੰਕਾ ਗਾਂਧੀ ਨੇ ਕੇਰਲ ਦੇ ਵਾਇਨਾਡ ਤੋਂ ਉਪ ਚੋਣਾਂ ਜਿੱਤੀਆਂ ਸਨ। ਉਨ੍ਹਾਂ ਨੇ ਅੱਜ ਸੰਸਦ ਮੈਂਬਰ ਵਜੋਂ ਸਹੁੰ ਚੁੱਕੀ ਹੈ। ਜਦੋਂ ਪ੍ਰਿਅੰਕਾ ਗਾਂਧੀ ਅਹੁਦੇ ਅਤੇ ਗੋਪਨੀਅਤਾ ਦੀ ਸਹੁੰ ਚੁੱਕ ਰਹੇ ਸਨ, ਉਸ ਸਮੇਂ ਉਨ੍ਹਾਂ ਦੇ ਭਰਾ ਰਾਹੁਲ ਅਤੇ ਮਾਂ ਸੋਨੀਆ ਵੀ ਬਤੌਰ ਸੰਸਦ ਮੈਂਬਰ ਵਜੋਂ ਮੌਜੂਦ ਸਨ। ਇਸ ਦੌਰਾਨ ਉਨ੍ਹਾਂ ਦਾ ਬੇਟਾ ਅਤੇ ਬੇਟੀ ਰੇਹਾਨ ਵਾਡਰਾ ਅਤੇ ਮਿਰਾਇਆ ਵਾਡਰਾ ਵੀ ਸੰਸਦ ਵਿੱਚ ਪਹੁੰਚੇ ਸਨ। ਕਾਂਗਰਸ ਨੇਤਾ ਪ੍ਰਿਅੰਕਾ ਗਾਂਧੀ ਵਾਡਰਾ ਨੇ ਆਪਣੀ ਮਾਂ ਅਤੇ ਰਾਜ ਸਭਾ ਮੈਂਬਰ ਸੋਨੀਆ ਗਾਂਧੀ ਦੇ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਤੋਂ ਪਹਿਲਾਂ ਕਿਹਾ, "ਮੈਂ ਬਹੁਤ ਖੁਸ਼ ਹਾਂ।" ਲੋਕ ਸਭਾ ਸਪੀਕਰ ਓਮ ਬਿਰਲਾ ਨੇ ਜਿਵੇਂ ਹੀ ਪ੍ਰਿਅੰਕਾ ਗਾਂਧੀ ਦਾ ਨਾਂ ਪੁਕਾਰਿਆ ਤਾਂ ਉਹ ਹੱਥ ਵਿੱਚ ਸੰਵਿਧਾਨ ਦੀ ਕਿਤਾਬ ਲੈ ਕੇ ਪੁੱਜੇ ਅਤੇ ਸਹੁੰ ਚੁੱਕੀ। ਰਾਹੁਲ ਗਾਂਧੀ ਵੱਲੋਂ ਖਾਲੀ ਕੀਤੀ ਗਈ ਸੀਟ 'ਤੇ ਵਾਇਨਾਡ ਉਪ ਚੋਣ 'ਚ ਪ੍ਰਿਅੰਕਾ ਨੇ 4 ਲੱਖ ਤੋਂ ਵੱਧ ਵੋਟਾਂ ਨਾਲ ਜਿੱਤ ਦਰਜ ਕੀਤੀ ਹੈ। ਇਸ ਤਰ੍ਹਾਂ ਗਾਂਧੀ ਪਰਿਵਾਰ ਦੇ ਤਿੰਨੋਂ ਲੋਕ ਅੱਜ ਤੋਂ ਸੰਸਦ 'ਚ ਨਜ਼ਰ ਆਉਣਗੇ।



## ਹੁਣ ਨਹੀਂ ਵਿਕ ਸਕੇਗਾ ਨਸ਼ਾ !

# ਫਾਰਮਾ ਕੰਪਨੀਆਂ ਦੀ ਸੀਬੀਆਈ ਕਰੇਗੀ ਜਾਂਚ

**ਚੰਡੀਗੜ੍ਹ , 28 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਹੁਣ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ 'ਚ ਦਵਾਈਆਂ ਦੇ ਜਰੀਏ ਵਿਕ ਰਹੇ ਨਸ਼ੇ 'ਤੇ ਸਖਤੀ ਵਰਤੀ ਹੈ। ਜਿਸ ਦੇ ਚੱਲਦੇ ਹੁਣ ਫਾਰਮਾ ਕੰਪਨੀਆਂ 'ਤੇ ਸਖਤ ਵਰਤੀ ਜਾਵੇਗੀ। ਦਰਅਸਲ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਕਿਹਾ ਕਿ ਜਦੋਂ ਦਵਾਈਆਂ ਦੇ ਰੂਪ 'ਚ ਨਸ਼ਾ ਵਿਕ ਰਿਹਾ ਹੈ ਤਾਂ ਫਾਰਮਾ ਕੰਪਨੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਣੀ ਜਰੂਰੀ ਹੈ। ਹਾਈਕੋਰਟ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਅਤੇ ਗੁਆਂਢੀਆਂ ਸੂਬਿਆਂ ਦੀ ਫਾਰਮਾ ਕੰਪਨੀਆਂ ਦੀ ਭੂਮਿਕਾ ਦੀ ਜਾਂਚ ਦੇ ਲਈ ਸੀਬੀਆਈ ਨੂੰ ਹੁਕਮ ਦਿੱਤੇ ਹਨ। ਜਿਸ 'ਚ ਹਾਈਕੋਰਟ ਨੇ ਕਿਹਾ ਕਿ ਉਹ ਕਾਬਿਲ ਅਧਿਕਾਰੀਆਂ ਦੀ ਇੱਕ ਟੀਮ ਬਣਾ ਕੇ ਇਨ੍ਹਾਂ ਦੀ ਜਾਂਚ ਕਰਨ। ਇਸ ਤੋਂ ਇਲਾਵਾ ਹਾਈਕੋਰਟ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਡੀਜੀਪੀ ਨੂੰ ਹੁਕਮ ਦਿੱਤੇ ਹਨ ਕਿ ਉਹ ਸੀਬੀਆਈ ਦੀ ਜਰੂਰੀ ਮੈਨ ਪਾਵਰ ਅਤੇ ਹੋਰ ਸੰਸਾਧਨ ਮੁਹੱਈਆ ਕਰਵਾਉਣ। ਹਾਈਕੋਰਟ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ 'ਚ ਡਰੱਗ ਦੀ ਵੱਡੀ ਸਮੱਸਿਆ ਹੈ। ਇਸ 'ਤੇ ਹਰ ਦਿਸ਼ਾ ਤੋਂ ਲਗਾਮ ਲਗਾਉਣੀ ਜਰੂਰੀ ਹੈ। ਇਸ ਮਾਮਲੇ ਦਾ ਨੋਟਿਸ ਲੈਂਦਿਆਂ ਜਸਟਿਸ ਸੰਜੀਵ ਪ੍ਰਕਾਸ਼ ਸ਼ਰਮਾ ਅਤੇ ਜਸਟਿਸ ਸੰਜੇ ਵਸ਼ਿਸ਼ਟ ਦੀ ਬੈਂਚ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਨਾਲ-ਨਾਲ ਸੀ.ਬੀ.ਆਈ. ਨੂੰ ਇਹ ਹੁਕਮ ਦਿੱਤੇ ਹਨ। ਹਾਈਕੋਰਟ ਨੇ ਕਿਹਾ ਕਿ ਹਾਈਕੋਰਟ 'ਚ ਅਜਿਹੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ, ਜਿਸ 'ਚ ਦੋਸ਼ੀਆਂ ਕੋਲੋਂ ਇਹ ਪਾਬੰਦੀਸ਼ੁਦਾ ਦਵਾਈਆਂ ਬਰਾਮਦ ਹੋਈਆਂ ਹਨ, ਜਿਨ੍ਹਾਂ ਦੀ ਵੱਡੇ ਪੱਧਰ 'ਤੇ ਨਸ਼ੇ ਵਜੋਂ ਵਰਤੋਂ ਕੀਤੀ ਜਾਂਦੀ ਹੈ। ਜਦੋਂ ਇਨ੍ਹਾਂ ਦਵਾਈਆਂ ਸਬੰਧੀ ਐਫਆਈਆਰ ਦਰਜ ਹੋ ਰਹੀ ਹੈ ਤਾਂ ਇਨ੍ਹਾਂ ਦਵਾਈਆਂ ਨੂੰ ਬਣਾਉਣ ਵਾਲੀਆਂ ਫਾਰਮਾ ਕੰਪਨੀਆਂ ਦੀ ਜ਼ਿੰਮੇਵਾਰੀ ਵੀ ਤੈਅ ਕਰਕੇ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਇਸ 'ਤੇ ਐਨਸੀਬੀ ਨੇ ਕਿਹਾ ਕਿ ਇਸ ਦੇ ਲਈ ਪਹਿਲਾਂ ਹੀ ਨਿਯਮ ਹਨ, ਇਸ 'ਤੇ ਹਾਈਕੋਰਟ ਨੇ ਕਿਹਾ ਕਿ ਸਾਡੇ ਸਾਹਮਣੇ ਅਜਿਹੇ ਕਈ ਮਾਮਲੇ ਲਗਾਤਾਰ ਆ ਰਹੇ ਹਨ, ਇਸ ਲਈ ਹੁਣ ਉਨ੍ਹਾਂ ਦੀ ਭੂਮਿਕਾ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਇਸ ਲਈ ਹਾਈਕੋਰਟ ਨੇ ਇਸ ਮਾਮਲੇ 'ਚ ਸੀ.ਬੀ.ਆਈ. ਨੂੰ ਪੁੱਛਿਆ ਕਿ ਕੀ ਉਹ ਇਨ੍ਹਾਂ ਫਾਰਮਾ ਕੰਪਨੀਆਂ ਦੀ ਭੂਮਿਕਾ ਦੀ ਜਾਂਚ ਕਰ ਸਕਦੀ ਹੈ, ਇਸ 'ਤੇ ਸੀ.ਬੀ.ਆਈ. ਨੇ ਕਿਹਾ ਕਿ ਜੇਕਰ ਹਾਈਕੋਰਟ ਹੁਕਮ ਦੇਵੇ ਤਾਂ ਉਹ ਜਾਂਚ ਕਰਨ ਲਈ ਤਿਆਰ ਹਨ, ਜਿਸ 'ਤੇ ਹਾਈਕੋਰਟ ਨੇ ਹੁਣ ਇਹ ਹੁਕਮ ਦਿੱਤੇ ਹਨ ਅਤੇ ਸੀ.ਬੀ.ਆਈ. ਨੂੰ ਜਾਂਚ ਕਰਨ ਦੇ ਲਈ ਕਿਹਾ ਹੈ ਅਤੇ ਕਾਬਲ ਅਧਿਕਾਰੀਆਂ ਦੀ ਜਾਂਚ ਟੀਮ ਬਣਾ ਕੇ ਜਾਂਚ ਸ਼ੁਰੂ ਕਰਨ ਲਈ ਕਿਹਾ ਹੈ।




## ਪੰਜਾਬ 'ਚ ਪੁਲਸ ਤੇ ਬਦਮਾਸ਼ਾਂ ਵਿਚਾਲੇ ਮੁਕਾਬਲਾ, ਦੋਵਾਂ ਪਾਸਿਓਂ ਚੱਲੀਆਂ ਤਾਬੜਤੋੜ ਗੋਲੀਆਂ

**ਤਰਨਤਾਰਨ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਤਰਨਤਾਰਨ ਵਿਖੇ ਪੁਲਸ ਅਤੇ ਬਦਮਾਸ਼ਾਂ 'ਚ ਵੱਡਾ ਐਨਕਾਊਂਟਰ ਹੋਇਆ ਹੈ। ਜਾਣਕਾਰੀ ਮੁਤਾਬਕ ਐਨਕਾਊਂਟਰ ਪੱਟੀ ਦੇ ਪਿੰਡ ਪਰਿੰਗੜੀ ਨੇੜੇ ਹੋਇਆ ਹੈ। ਦੱਸਿਆ ਜਾ ਰਿਹਾ ਹੈ ਕਿ ਦੋ ਬਦਮਾਸ਼ ਲੁੱਟ-ਖੋਹ ਕਰਕੇ ਭੱਜ ਰਹੇ ਸੀ ਤਾਂ ਇਸ ਦੌਰਾਨ ਪੁਲਸ ਨੇ ਬਦਮਾਸ਼ਾਂ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਜਿਸ 'ਤੇ ਬਦਮਾਸ਼ਾਂ ਨੇ ਪੁਲਸ ਮੁਲਾਜ਼ਮਾਂ 'ਤੇ ਫਾਇਰ ਕਰਨੇ ਸ਼ੁਰੂ ਕਰ ਦਿੱਤੇ, ਜਿਸ 'ਤੇ ਇਕ ਪੁਲਸ ਮੁਲਾਜ਼ਮ ਦੀ ਜਾਨ ਵਾਲ-ਵਾਲ ਬਚੀ, ਕਿਉਂਕਿ ਗੋਲੀ ਪੁਲਸ ਮੁਲਾਜ਼ਮ ਦੀ ਪੱਗ ਦੇ ਵਿੱਚੋਂ ਨਿਕਲੀ ਗਈ ਸੀ। ਇਸ ਦੌਰਾਨ ਜਵਾਬੀ ਕਾਰਵਾਈ ਕਰਦਿਆਂ ਪੁਲਸ ਨੇ ਵੀ ਬਦਮਾਸ਼ਾਂ 'ਤੇ ਗੋਲੀ ਚਲਾਈ, ਜਿਸ ਕਾਰਨ ਅੰਗਰੇਜ਼ ਸਿੰਘ ਨਾਮਕ ਬਦਮਾਸ਼ ਦੇ ਲੱਤ 'ਚ ਗੋਲੀ ਲੱਗ ਗਈ ਅਤੇ ਉਹ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਿਆ।



## ਧੀ ਸਣੇ ਕਾਰ ਸਵਾਰ ਏ. ਐਸ. ਆਈ. ਨਹਿਰ 'ਚ ਡਿੱਗਾ, ਕੁੜੀ ਦੀ ਮੌਤ




**ਪਠਾਨਕੋਟ , 28 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪਠਾਨਕੋਟ ਦੇ ਪਿੰਡ ਜਸਵਾਲੀ ਨੇੜੇ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਬਟਾਲਾ ਦੇ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਵਿਖੇ ਮੱਥਾ ਟੇਕ ਕੇ ਪਿਓ-ਧੀ ਆਪਣੇ ਘਰ ਪਰਤ ਰਹੇ ਸੀ। ਇਸ ਦੌਰਾਨ ਪਿਓ-ਧੀ ਦੀ ਕਾਰ ਪਿੰਡ ਜਸਵਾਲੀ ਨੇੜੇ ਯੂ.ਵੀ.ਡੀ.ਸੀ. ਨਹਿਰ 'ਚ ਡਿੱਗ ਗਈ, ਜਿਸ ਕਾਰਨ ਧੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਿਵੇਂ ਹੀ ਸਥਾਨਕ ਲੋਕਾਂ ਨੂੰ ਪਤਾ ਲੱਗਾ ਤਾਂ ਉਹ ਤੁਰੰਤ ਉਨ੍ਹਾਂ ਨੂੰ ਬਚਾਉਣ ਲਈ ਨਹਿਰ ਦੇ ਕੰਢੇ ਪਹੁੰਚੇ, ਜਿੱਥੋਂ ਉਨ੍ਹਾਂ ਨੇ ਪਿਤਾ ਨੂੰ ਤਾਂ ਜ਼ਿੰਦਾ ਬਾਹਰ ਕੱਢਿਆ ਪਰ ਧੀ ਜਿਸ ਦੀ ਉਮਰ 18 ਸਾਲ ਦੇ ਕਰੀਬ ਦੱਸੀ ਜਾ ਰਹੀ ਹੈ, ਦੀ ਡੁੱਬਣ ਕਾਰਨ ਮੌਤ ਹੋ ਗਈ। ਇਸ ਸਬੰਧੀ ਸਥਾਨਕ ਲੋਕਾਂ ਨੇ ਪੁਲਸ ਨੂੰ ਸੂਚਨਾ ਦਿੱਤੀ ਅਤੇ ਪੁਲਸ ਨੇ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ ਨਹਿਰ 'ਚ ਪਾਣੀ ਬੰਦ ਕਰਵਾਇਆ ਅਤੇ ਮ੍ਰਿਤਕ ਕੁੜੀ ਦੀ ਲਾਸ਼ ਨੂੰ ਪਾਣੀ 'ਚੋਂ ਬਾਹਰ ਕੱਢਿਆ। ਦੱਸਿਆ ਜਾ ਰਿਹਾ ਹੈ ਕਿ ਜਿਸ ਵਿਅਕਤੀ ਨੂੰ ਲੋਕਾਂ ਨੇ ਬਚਾਇਆ ਉਹ ਪੰਜਾਬ ਪੁਲਸ 'ਚ ਏ.ਐੱਸ.ਆਈ. ਦੇ ਅਹੁਦੇ 'ਤੇ ਤਾਇਨਾਤ ਹੈ, ਜਿਸ ਤੋਂ ਬਾਅਦ ਕਰੇਨ ਦੀ ਮਦਦ ਨਾਲ ਕਾਰ ਨੂੰ ਵੀ ਨਹਿਰ 'ਚੋਂ ਬਾਹਰ ਕੱਢ ਲਿਆ ਗਿਆ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਐੱਸ.ਐੱਸ.ਪੀ ਪਠਾਨਕੋਟ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਜਸਵਾਲੀ ਨੇੜੇ ਇੱਕ ਕਾਰ ਯੂ.ਵੀ.ਡੀ.ਸੀ. ਨਹਿਰ ਵਿੱਚ ਡਿੱਗ ਗਈ ਹੈ, ਜਿਸ 'ਚ ਦੋ ਲੋਕ ਸਵਾਰ ਸਨ, ਜੋ ਕਿ ਪਿਤਾ ਅਤੇ ਧੀ ਦੱਸੇ ਜਾਂਦੇ ਹਨ ਜਿਸ ਨੂੰ ਸਥਾਨਕ ਲੋਕਾਂ ਨੇ ਬਚਾ ਲਿਆ ਪਰ ਧੀ ਦੀ ਮੌਤ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਵਿਅਕਤੀ ਪੁਲਸ 'ਚ ਏ. ਐੱਸ. ਆਈ. ਦੇ ਅਹੁਦੇ 'ਤੇ ਤਾਇਨਾਤ ਹੈ, ਜੋ ਕਿ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਵਿਖੇ ਮੱਥਾ ਟੇਕਣ ਆਇਆ ਸੀ। ਇਹ ਹਾਦਸਾ ਵਾਪਸ ਜਾਂਦੇ ਸਮੇਂ ਵਾਪਰਿਆ, ਫਿਲਹਾਲ ਪੂਰੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਆਖਿਰ ਕਾਰ ਨਹਿਰ 'ਚ ਕਿਵੇਂ ਡਿੱਗੀ।

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦਿੱਲੀ ਦੇ ਮੈਟਰੋ ਸਟੇਸ਼ਨ 'ਤੇ ਸਿੱਖ ਨੂੰ ਕਿਰਪਾਨ ਪਾ ਕੇ ਜਾਣ ਤੋਂ ਰੋਕਣ ਦੀ ਕੀਤੀ ਸਖ਼ਤ ਨਿੰਦਾ

**ਨਵੀਂ ਦਿੱਲੀ, 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਦੇ ਝਿਲਮਿਲ ਮੈਟਰੋ ਸਟੇਸ਼ਨ 'ਤੇ ਇਕ ਅੰਮ੍ਰਿਤਧਾਰੀ ਸਿੱਖ ਨੂੰ ਕਿਰਪਾਨ ਸਮੇਤ ਅੰਦਰ ਜਾਣ ਤੋਂ ਰੋਕਣ ਦੀ ਘਟਨਾ ਦਾ ਨੋਟਿਸ ਲੈਂਦਿਆਂ ਕਿਹਾ ਕਿ ਇਹ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਦੇ ਵਾਰ-ਵਾਰ ਮਾਮਲੇ ਸਾਹਮਣੇ ਆ ਰਹੇ ਹਨ ਅਤੇ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਅਜਿਹਾ ਕਰਨ ਵਾਲਿਆਂ 'ਤੇ ਕੋਈ ਮਿਸਾਲੀ ਕਾਰਵਾਈ ਨਹੀਂ ਕਰ ਰਹੀਆਂ। ਉਨ੍ਹਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਅੰਦਰ ਦੇਸ਼ ਦੇ ਹਰ ਨਾਗਰਿਕ ਨੂੰ ਆਪਣੀਆਂ ਧਾਰਮਿਕ ਮਾਨਤਾਵਾਂ 'ਤੇ ਪਹਿਰਾ ਦੇਣ ਦੀ ਖੁੱਲ੍ਹ ਹੈ। ਅੰਮ੍ਰਿਤਧਾਰੀ ਸਿੱਖ ਲਈ ਪੰਜ ਕਕਾਰ ਧਾਰਨ ਕਰਨਾ ਲਾਜ਼ਮੀ ਹੈ ਅਤੇ ਇਸ ਦੀ ਇਜਾਜ਼ਤ ਭਾਰਤ ਦਾ ਸੰਵਿਧਾਨ ਵੀ ਦਿੰਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਹਾਲ ਹੀ ਵਿਚ ਨਾਗਰਿਕ ਹਵਾਬਾਜ਼ੀ ਮੰਤਰਾਲੇ ਵੱਲੋਂ ਵੀ ਭਾਰਤ ਦੇ ਹਵਾਈ ਅੱਡਿਆਂ 'ਤੇ ਅੰਮ੍ਰਿਤਧਾਰੀ ਸਿੱਖ ਕਰਮਚਾਰੀਆਂ ਨੂੰ ਕਿਰਪਾਨ ਪਹਿਣ ਕੇ ਜਾਣ 'ਤੇ ਪਾਬੰਦੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਜਿਸ 'ਤੇ ਵੀ ਸ਼੍ਰੋਮਣੀ ਕਮੇਟੀ ਵੱਲੋਂ ਸਖ਼ਤ ਇਤਰਾਜ਼ ਪ੍ਰਗਟਾਇਆ ਗਿਆ ਸੀ। ਐਡਵੋਕੇਟ ਧਾਮੀ ਨੇ ਕਿਹਾ ਕਿ ਹੁਣ ਦਿੱਲੀ ਦੇ ਇਕ ਝਿਲਮਿਲ ਮੈਟਰੋ ਸਟੇਸ਼ਨ 'ਤੇ ਅੰਮ੍ਰਿਤਧਾਰੀ ਸਿੱਖ ਨੂੰ ਸੀਆਈਐਸਐਫ ਦੇ ਇਕ ਕਰਮਾਚਾਰੀ ਵੱਲੋਂ ਕਿਰਪਾਨ ਸਮੇਤ ਅੰਦਰ ਜਾਣ ਤੋਂ ਰੋਕਣਾ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਦੀ ਇਕ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹੈ, ਜਿਸ ਦਾ ਨੋਟਿਸ ਲੈਂਦਿਆਂ ਸਰਕਾਰ ਨੂੰ ਦੋਸ਼ੀ ਕਰਮਚਾਰੀ ਖਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਇਹ ਯਕੀਨੀ ਬਣਾਵੇ ਕਿ ਅੰਮ੍ਰਿਤਧਾਰੀ ਸਿੱਖਾਂ ਨਾਲ ਦੇਸ਼ ਅੰਦਰ ਕਕਾਰ ਪਹਿਨਣ ਕਰਕੇ ਕਿਸੇ ਕਿਸਮ ਦਾ ਵਿਤਕਰਾ ਨਾ ਕੀਤਾ ਜਾਵੇ। ਐਡਵੋਕੇਟ ਧਾਮੀ ਨੇ ਇਸ ਮਾਮਲੇ ਵਿਚ ਭਾਰਤ ਦੇ ਗ੍ਰਹਿ ਮੰਤਰਾਲੇ ਅਤੇ ਦਿੱਲੀ ਸਰਕਾਰ ਨੂੰ ਤੁਰੰਤ ਕਾਰਵਾਈ ਕਰਦਿਆਂ ਸਿੱਖਾਂ ਦੇ ਹੱਕ ਹਕੂਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕਿਹਾ।



## ਪੰਜਾਬ 'ਚ ਨਵੇਂ ਚੁਣੇ ਵਿਧਾਇਕ 2 ਦਸੰਬਰ ਨੂੰ ਚੁੱਕਣਗੇ ਸਹੁੰ, ਸ਼ਡਿਊਲ ਹੋਇਆ ਜਾਰੀ

**ਚੰਡੀਗੜ੍ਹ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ 'ਤੇ ਹੋਈਆਂ ਜ਼ਿਮਨੀ ਚੋਣਾਂ 'ਚ ਚੁਣੇ ਗਏ ਚਾਰ ਵਿਧਾਇਕ 2 ਦਸੰਬਰ ਨੂੰ ਸਹੁੰ ਚੁੱਕਣਗੇ। ਉਨ੍ਹਾਂ ਨੂੰ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਹੁੰ ਚੁਕਾਈ ਜਾਵੇਗੀ। ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਵੀ ਮੌਜੂਦ ਰਹਿਣ ਦੀ ਸੰਭਾਵਨਾ ਹੈ। ਇਸ ਚੋਣ ਵਿੱਚ ਚਾਰ ਵਿੱਚੋਂ ਤਿੰਨ ਸੀਟਾਂ ਜਿੱਤਣ ਤੋਂ ਬਾਅਦ ਆਮ ਆਦਮੀ ਪਾਰਟੀ ਦੀਆਂ ਕੁੱਲ ਸੀਟਾਂ ਦੀ ਗਿਣਤੀ 95 ਹੋ ਗਈ ਹੈ। ਸਹੁੰ ਚੁੱਕ ਸਮਾਗਮ ਦਾ ਸ਼ਿਡਊਲ ਜਾਰੀ ਕਰ ਦਿੱਤਾ ਗਿਆ ਹੈ। ਸਮਾਗਮ ਸਵੇਰੇ 11:30 ਵਜੇ ਹੋਵੇਗਾ।

## 44 ਘੰਟਿਆਂ ਬਾਅਦ ਜਗਜੀਤ ਡੱਲੇਵਾਲ ਦੀ ਪਹਿਲੀ ਤਸਵੀਰ ਆਈ ਸਾਹਮਣੇ, ਨਾਲ ਸਨ ਪੁਲਿਸ ਮੁਲਾਜ਼ਮ



**ਚੰਡੀਗੜ੍ਹ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਪੁਲਿਸ ਵੱਲੋਂ ਖਨੌਰੀ ਸਰਹੱਦ ਤੋਂ ਹਿਰਾਸਤ ਵਿੱਚ ਲਏ ਕਿਸਾਨ ਆਗੂ ਜਗਜੀਤ ਡੱਲੇਵਾਲ ਦੀ ਪਹਿਲੀ ਤਸਵੀਰ 44 ਘੰਟਿਆਂ ਬਾਅਦ ਲੁਧਿਆਣਾ ਦੇ ਡੀਐਮਸੀ ਹਸਪਤਾਲ ਤੋਂ ਸਾਹਮਣੇ ਆਈ ਹੈ। ਇਸ ਵਿੱਚ ਉਹ ਡੀਐਮਸੀ ਦੇ ਅੰਦਰ ਜਾਂਦੇ ਹੋਏ ਨਜ਼ਰ ਆ ਰਹੇ ਹਨ, ਪਰ ਉਨ੍ਹਾਂ ਦੇ ਨਾਲ ਪੁਲਿਸ ਮੁਲਾਜ਼ਮ ਵੀ ਮੌਜੂਦ ਹਨ। ਡੱਲੇਵਾਲ ਦੀ ਹਾਲਤ ਨੂੰ ਲੈ ਕੇ ਕਿਸਾਨ ਲਗਾਤਾਰ ਚਿੰਤਾ ਪ੍ਰਗਟ ਕਰ ਰਹੇ ਸਨ। ਹਾਲਾਂਕਿ ਡੱਲੇਵਾਲ ਨੂੰ ਮਿਲਣ ਨੂੰ ਲੈ ਕੇ ਪੁਲਿਸ ਵੱਲੋਂ ਅਜੇ ਵੀ ਸਖ਼ਤੀ ਬਰਕਰਾਰ ਹੈ। ਬੁੱਧਵਾਰ ਨੂੰ ਪੰਜਾਬ ਪੁਲਿਸ ਦੇ ਡੀਆਈਜੀ ਮਨਦੀਪ ਸਿੱਧੂ, ਪਟਿਆਲਾ ਦੇ ਐਸਐਸਪੀ ਨਾਨਕ ਸਿੰਘ ਅਤੇ ਇੰਟੈਲੀਜੈਂਸ ਅਧਿਕਾਰੀ ਕਿਸਾਨਾਂ ਨਾਲ ਮੀਟਿੰਗ ਕਰਨ ਲਈ ਖਨੌਰੀ ਬਾਰਡਰ ਪਹੁੰਚੇ ਸਨ। ਪੁਲਿਸ ਚਾਹੁੰਦੀ ਸੀ ਕਿ ਕਿਸਾਨ ਮਰਨ ਵਰਤ 'ਤੇ ਨਾ ਬੈਠਣ। ਪਰ ਇਸ ਦਾ ਕੋਈ ਨਤੀਜਾ ਨਹੀਂ ਨਿਕਲਿਆ। ਕਿਸਾਨ ਆਗੂ ਕਾਕਾ ਸਿੰਘ ਕੋਟੜਾ ਨੇ ਦੱਸਿਆ ਕਿ ਮੀਟਿੰਗ ਵਿੱਚ ਡੱਲੇਵਾਲ ਦਾ ਮੁੱਦਾ ਚੁੱਕਿਆ ਗਿਆ। ਸਪੱਸ਼ਟ ਕੀਤਾ ਗਿਆ ਕਿ ਜਦੋਂ ਤੱਕ ਡੱਲੇਵਾਲ ਮੋਰਚੇ 'ਤੇ ਨਹੀਂ ਆਉਂਦੇ, ਉਦੋਂ ਤੱਕ ਕੋਈ ਹੋਰ ਗੱਲਬਾਤ ਨਹੀਂ ਹੋਵੇਗੀ। ਇਸ 'ਤੇ ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਉਨ੍ਹਾਂ ਨੇ ਉਨ੍ਹਾਂ ਦੀ ਗੱਲ ਸੁਣ ਲਈ ਹੈ। ਇਹ ਸੰਦੇਸ਼ ਉੱਚ ਅਧਿਕਾਰੀਆਂ ਅਤੇ ਸਰਕਾਰ ਤੱਕ ਪਹੁੰਚਾਇਆ ਜਾਵੇਗਾ। ਇਸ ਬਾਰੇ ਜਲਦੀ ਹੀ ਜਾਣਕਾਰੀ ਦਿੱਤੀ ਜਾਵੇਗੀ। ਕਿਸਾਨਾਂ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਮਰਨ ਵਰਤ ਦੌਰਾਨ ਕਿਸੇ ਆਗੂ ਦੀ ਮੌਤ ਹੋ ਜਾਂਦੀ ਹੈ ਤਾਂ ਉਸ ਦਾ ਅੰਤਿਮ ਸੰਸਕਾਰ ਨਹੀਂ ਕੀਤਾ ਜਾਵੇਗਾ। ਦੂਜਾ ਸਾਥੀ ਮਰਨ ਵਰਤ 'ਤੇ ਬੈਠ ਜਾਵੇਗਾ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਣ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇੱਕਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ










**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਦਿੱਲੀ ਕਮੇਟੀ ਦਾ ਜੁਆਇੰਟ ਸਕੱਤਰ ਜਸਮੇਨ ਨੌਨੀ ਦੇ ਰਿਹਾ ਜਾਨੋਂ ਮਾਰਨ ਦੀ ਧਮਕੀ, ਗੰਨਮੈਨ ਲਏ ਜਾਣ ਵਾਪਸ: ਬੱਬਰ

## ਕਮੇਟੀ ਮੈਂਬਰ ਵਿਰੁੱਧ ਡੀਸੀਪੀ ਨੂੰ ਦਿੱਤੀ ਗਈ ਸ਼ਿਕਾਇਤ




ਨਵੀਂ ਦਿੱਲੀ 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਸਕੱਤਰ ਜਨਰਲ ਸ. ਸੁਖਵਿੰਦਰ ਸਿੰਘ ਬੱਬਰ ਵੱਲੋਂ ਦਿੱਲੀ ਕਮੇਟੀ ਦੇ ਜੁਆਇੰਟ ਸਕੱਤਰ ਜਸਮੇਨ ਸਿੰਘ ਨੋਨੀ ਖ਼ਿਲਾਫ਼ ਸ਼ਹਾਦਰਾਂ ਦੇ ਡੀ.ਸੀ.ਪੀ ਨੂੰ ਸ਼ਿਕਾਇਤ ਦਿੱਤੀ ਗਈ ਹੈ । ਜਿਸ ਵਿੱਚ ਉਹਨਾਂ ਰਸਤਾ ਰੋਕਣ, ਜਾਨੋ ਮਾਰਨ ਦੀਆਂ ਧਮਕੀਆਂ ਦੇਣ ਅਤੇ ਮਾਣਹਾਨੀ ਵਰਗੇ ਦੋਸ਼ ਲਗਾਏ ਗਏ ਹਨ । ਬੀਤੇ ਦਿਨ ਕੀਤੀ ਗਈ ਪ੍ਰੈਸ ਕੋਨਫਰੰਸ ਵਿਚ ਉਨ੍ਹਾਂ ਦਸਿਆ ਕਿ ਆਪਣੀ ਸ਼ਿਕਾਇਤ ਵਿੱਚ ਕਿਹਾ ਹੈ ਕਿ 24 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਵਿੱਚ ਸ਼ਮੂਲੀਅਤ ਕਰਨ ਵੇਲੇ ਦਿੱਲੀ ਕਮੇਟੀ ਦੇ ਜੁਆਇੰਟ ਸਕੱਤਰ ਜਸਮੇਨ ਸਿੰਘ ਨੋਨੀ ਨੇ ਸਾਥੀਆਂ ਸਮੇਤ ਉਹਨਾਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਹਨ । ਕਿਉਂਕਿ ਸ. ਬੱਬਰ ਨੇ ਹਮੇਸ਼ਾ ਹੀ ਨੋਨੀ ਦੇ ਗਲਤ ਕੰਮਾਂ ਨੂੰ ਸੰਗਤ ਅੱਗੇ ਨਸ਼ਰ ਕੀਤਾ ਹੈ । ਇਸੇ ਕਾਰਨ ਨੋਨੀ ਉਹਨਾਂ ਤੇ ਔਖਾ ਹੈ । ਉਹਨਾਂ ਜਸਮੇਨ ਸਿੰਘ ਨੋਨੀ ਨੂੰ ਮਿਲੇ ਗੰਨਮੈਨ ਵੀ ਵਾਪਸ ਲੈਣ ਦੀ ਅਪੀਲ ਕੀਤੀ ਹੈ । ਉਨ੍ਹਾਂ ਕਿਹਾ ਕਿ ਕਮੇਟੀ ਮੈਂਬਰ ਦਾ ਕੰਮ ਧਰਮ ਦਾ ਪ੍ਰਚਾਰ ਅਤੇ ਸਮਾਜਿਕ ਸੇਵਾ ਕਰਨੀ ਹੁੰਦੀ ਹੈ ਪਰ ਇਹ ਤਾਂ ਉਲਟ ਕੰਮ ਕਰੀ ਜਾ ਰਹੇ ਹਨ ਜੋ ਕਿ ਸਿੱਖ ਪੰਥ ਲਈ ਨਮੋਸ਼ੀ ਜਨਕ ਹਨ। ਜਿਕਰਯੋਗ ਹੈ ਕਿ ਨੌਨੀ ਪਹਿਲਾਂ ਹੀ ਇਕ ਮਾਮਲੇ 'ਚ ਕੁਝ ਸਮਾਂ ਤਿਹਾੜ ਜੇਲ੍ਹ ਵਿਚ ਬੰਦ ਰਹਿ ਕੇ ਆਏ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਪ੍ਰਿਥੀਪਾਲ ਸਿੰਘ ਪਾਲੀ , ਸ. ਸਤਨਾਮ ਸਿੰਘ ਜੱਗਾ ਸਮੇਤ ਜਮਨਾ ਪਾਰ ਦੀਆਂ ਗੁਰਦੁਆਰਾ ਕਮੇਟੀਆਂ ਦੇ ਪ੍ਰਧਾਨ ਅਤੇ ਸਕੱਤਰ ਹਾਜ਼ਰ ਸਨ।




ਧੰਨ ਧੰਨ ਸ਼੍ਰੀ ਗੁਰੂ ਤੇਗ ਬਹਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ
ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ
ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਧਮਤਾਨ ਸਾਹਿਬ ਵਿਖੇ
ਮਿਤੀ 4 ਦਸੰਬਰ 2024 ਤੋਂ 6 ਦਸੰਬਰ 2024 ਤੱਕ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਵਿਦਵਾਨ ਉਚੇਚੇ ਤੌਰ ਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ । ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।
4 ਦਸੰਬਰ 2024 ਦਿਨ ਬੁੱਧਵਾਰ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 10-00 ਵਜੇ
5 ਦਸੰਬਰ 2024 ਦਿਨ ਵੀਰਵਾਰ ਨਗਰ ਕੀਰਤਨ ਅਰੰਭ ਸਵੇਰੇ 8-00 ਵਜੇ
6 ਦਸੰਬਰ 2024 ਦਿਨ ਸ਼ੁੱਕਰਵਾਰ ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9-00 ਵਜੇ
ਵਿਸ਼ੇਸ਼ ਬੇਨਤੀ
ਜਿਹਨਾਂ ਸੰਗਤਾਂ ਨੂੰ ਸਤਿਗੁਰ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ ਆਦਿ ਦੀ ਦਾਤ ਬਖ਼ਸ਼ੀ ਹੈ, ਉਹ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨ ਲੈ ਕੇ ਸਮੂਲੀਅਤ ਕਰਨ ਜੀ ।
ਨੋਟ : ਮੋਟਰਸਾਈਕਲ ਲੈ ਕੇ ਆਉਣ ਵਾਲੇ ਨੌਜਵਾਨ ਕਿਸੇ ਤਰ੍ਹਾਂ ਦੀ ਕਰਤਬ ਬਾਜੀ ਨਾ ਕਰਨ ।
ਪ੍ਰੋਗਰਾਮ ਨਗਰ ਕੀਰਤਨ : ਮਿਤੀ 5 ਦਸੰਬਰ 2024, ਵੀਰਵਾਰ ਨੂੰ ਸਵੇਰੇ 8-00 ਵਜੇ ਗੁਰਦੁਆਰਾ ਧਮਤਾਨ ਸਾਹਿਬ ਤੋਂ ਅਰੰਭ ਹੋ ਕੇ ਲੋਨ, ਖਰਲ, ਪਿਪਲਥਾ, ਗੜ੍ਹੀ, ਦਾਤਾ ਸਿੰਘ ਵਾਲਾ, ਹੰਸਡੇਹਰ, ਢੰਢੋਲੀ, ਸ਼ੇਰਗੜ੍ਹ, ਖਨੌਰੀ, ਪਦਾਰਥ ਖੇੜਾ, ਰੇਵਰ, ਪਿਪਲਥਾ, ਢਾਬੀ ਟੇਕ ਸਿੰਘ ਅਤੇ ਰਸੀਦਾਂ ਹੁੰਦਾ ਹੋਇਆ ਗੁਰਦੁਆਰਾ ਧਮਤਾਨ ਸਾਹਿਬ ਵਿਖੇ ਪਹੁੰਚੇਗਾ । ਸਮਾਪਤੀ, ਗੁਰਦੁਆਰਾ ਧਮਤਾਨ ਸਾਹਿਬ ਵਿਖੇ ਸ਼ਾਮ 5-00 ਵਜੇ ਹੋਵੇਗੀ ।
ਪ੍ਰੋਗਰਾਮ : 6 ਦਸੰਬਰ 2024 ਦਿਨ ਸ਼ੁੱਕਰਵਾਰ
ਸਵੇਰੇ 9-00 ਤੋਂ 10-00 ਵਜੇ ਤੱਕ
ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਜੱਥਾ
ਗੁ: ਧਮਤਾਨ ਸਾਹਿਬ
10-00 ਤੋਂ 10-30 ਵਜੇ ਤੱਕ
ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ
ਗੁ: ਧਮਤਾਨ ਸਾਹਿਬ
10-30 ਤੋਂ 11-00 ਵਜੇ ਤੱਕ
ਭਾਈ ਚਰਨਜੀਤ ਸਿੰਘ ਕਥਾਵਾਚਕ
ਗੁ: ਧਮਤਾਨ ਸਾਹਿਬ
11-00 ਤੋਂ 12-30 ਵਜੇ ਤੱਕ
ਭਾਈ ਗੁਰਮੀਤ ਸਿੰਘ ਕਵੀਸ਼ਰ
ਧਰਮ ਪ੍ਰਚਾਰ ਕਮੇਟੀ।
ਅੰਮ੍ਰਿਤ ਸੰਚਾਰ :
6 ਦਸੰਬਰ 2024,
ਦਿਨ ਸ਼ੁਕਰਵਾਰ ਸਮਾਂ 12 ਵਜੇ
ਅੰਮ੍ਰਿਤ ਸੰਚਾਰ ਸੰਬੰਧੀ
1. ਅੰਮ੍ਰਿਤ ਸੰਚਾਰ ਗੁਰਦੁਆਰਾ ਧਮਤਾਨ ਸਾਹਿਬ ਵਿਖੇ 12-00 ਵਜੇ ਹੋਵੇਗਾ ।
2. ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰ ਕੇ ਆਉਣ ਜੀ ।
3. ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ।
ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਹਰਿਆਣਾ
ਸੰਪਰਕ : ਭਾਈ ਹਰਵਿੰਦਰ ਸਿੰਘ ਦਨੌਲੀ (ਮੈਨੇਜਰ) 9991037375 ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ 9896166509 ਭਾਈ ਚਰਨਜੀਤ ਸਿੰਘ ਕਥਾਵਾਚਕ 9802947712 ਭਾਈ ਕਰਮਜੀਤ ਸਿੰਘ 7015967169 ਸ: ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਸਾਹਿਬਾਨ 9354100003


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






www.khalsaforge.com

# HAYES PLANT HIRE

WE TRAIN YOU GAIN

NPORS ACCREDITED



Telescopic Handler



Excavator 360



Road Roller



Forward Tipping Dumper



Tractor



Dozer

Plant Training and Testing on All CATEGORIES OF MACHINERY.



Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

**CONTACT- 07831543004**

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715 1-28621**




# ਸਫਰ - ਏ - ਦਸ਼ਮੇਸ਼ ਸਮਾਗਮਾਂ ਦਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨਾ : ਜਥੇਦਾਰ ਦਾਦੂਵਾਲ

## ਨੌਜਵਾਨ ਪੀੜੀ ਨੂੰ ਚਾਅ ਹੁੰਦਾ ਨਗਰ ਕੀਰਤਨ ਦੇ ਵਿੱਚ ਸੇਵਾ ਭਾਵ ਨਿਭਾਉਣ ਦਾ

**ਹਰਿਆਣਾ** ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਉਲੀਕੇ ਜਾ ਰਹੇ ਸਫਰ ਏ ਦਸਮੇਸ਼ ਧਾਰਮਿਕ ਸਮਾਗਮਾਂ ਦੀ ਸੰਗਤਾਂ ਵੱਲੋਂ ਚਾਰੇ ਪਾਸੇ ਸਲਾਘਾ ਕੀਤੀ ਜਾ ਰਹੀ ਹੈ ਕਿਉਂਕਿ ਇਤਿਹਾਸ ਵਿੱਚ ਪਹਿਲੀ ਵਾਰ ਹਰਿਆਣਾ ਕਮੇਟੀ ਵੱਲੋਂ ਇਸ ਤਰਾਂ ਦੇ ਪ੍ਰੋਗਰਾਮ ਉਲੀਕੇ ਜਾਂ ਰਹੇ ਹਨ । ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਇਨਾਂ ਪ੍ਰੋਗਰਾਮਾਂ ਦੀ ਅਗਵਾਈ ਕਰ ਰਹੇ ਹਨ । ਗੁਰਦੁਆਰਾ ਨਾਢਾ ਸਾਹਿਬ ਦੇ ਮੁੱਖ ਗ੍ਰੰਥੀ ਗਿ: ਜਗਜੀਤ ਸਿੰਘ ਜੀ ਨੇ ਸੰਗਤ ਨੂੰ ਪ੍ਰੇਰਣ ਦਾ ਵਧੀਆ ਉਪਰਾਲਾ ਕੀਤਾ ਹੈ । ਇਸ ਗੱਲ ਤੇ ਵੀ ਬੜਾ ਧਿਆਨ ਦੇਣਾ ਬਣਦਾ ਹੈ ਕਿ ਪ੍ਰੋਗਰਾਮ ਠੀਕ ਉਸੇ ਤਰ੍ਹਾਂ ਉਲੀਕੇ ਗਏ ਜਿਵੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਕਿਸੇ ਵੇਲੇ ਪਾਉਂਟਾ ਸਾਹਿਬ ਤੋਂ ਭੰਗਾਣੀ ਦਾ ਜੰਗ ਜਿੱਤ ਕੇ ਅਨੰਦਪੁਰ ਸਾਹਿਬ ਨੂੰ ਵਾਪਸ ਗਏ ਨੌਜਵਾਨ ਪੀੜੀ ਨੂੰ ਨਗਰ ਕੀਰਤਨ ਦੇ ਵਿੱਚ ਸੇਵਾ ਨਿਭਾਉਣ ਦਾ ਬਹੁਤ ਵੱਡਾ ਚਾਅ ਹੁੰਦਾ ਹੈ । ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਇਹ ਵਧੀਆ ਉਪਰਾਲਾ ਹੈ । ਇੱਥੇ ਇਸ ਗੱਲ ਦਾ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਪਾਉਂਟਾ ਸਾਹਿਬ ਤੋਂ ਲੈ ਕੇ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਇਤਿਹਾਸਿਕ ਸਥਾਨਾਂ ਬਾਰੇ ਟਰਾਈ ਸਿਟੀ ਚੰਡੀਗੜ ਦੀਆਂ ਜਿਆਦਾਤਰ ਸੰਗਤਾਂ ਨੂੰ ਵੀ ਕੋਈ ਬਹੁਤੀ ਜਾਣਕਾਰੀ ਨਹੀਂ ਹੈ । ਖਾਸ ਕਰ ਬਹੁ ਗਿਣਤੀ ਸੰਗਤਾਂ ਨੂੰ ਗੁਰਦੁਆਰਾ ਟੋਕਾ ਸਾਹਿਬ, ਗੁਰਦੁਆਰਾ ਮਾਣਕ ਟਬਰਾ ਸਾਹਿਬ ਬਾਰੇ ਕੋਈ ਬਹੁਤੀ ਜਾਣਕਾਰੀ ਨਹੀਂ ਹੈ । ਸਫਰ ਏ ਦਸਮੇਸ਼ ਸਮਾਗਮ ਤੇ ਨਗਰ ਕੀਰਤਨ ਉਲੀਕਣ ਦਾ ਮੁੱਖ ਮਕਸਦ ਹੀ ਨੌਜਵਾਨ ਪੀੜੀ ਨੂੰ ਇਤਿਹਾਸ ਨਾਲ ਜੋੜਨਾ ਅਤੇ ਉਨਾਂ ਸੰਗਤਾਂ ਤੱਕ ਇਤਿਹਾਸ ਪਹੁੰਚਾਉਣਾ ਹੈ ਜਿਨਾਂ ਨੂੰ ਪਹਿਲਾਂ ਇਨਾਂ ਇਤਿਹਾਸਿਕ ਸਥਾਨਾ ਬਾਰੇ ਕੋਈ ਜਾਣਕਾਰੀ ਨਹੀਂ ਸੀ ਜਿਕਰਯੋਗ ਹੈ ਕੇ 30 ਨਵੰਬਰ ਤੋਂ ਲੈ ਕੇ 8 ਦਸੰਬਰ ਤੱਕ ਸਫਰ ਏ ਦਸ਼ਮੇਸ਼ ਪ੍ਰੋਗਰਾਮ ਸਮਾਗਮ ਗੁਰਦੁਆਰਾ ਪਾਉਂਟਾ ਸਾਹਿਬ ਤੋਂ ਲੈ ਕੇ ਗੁਰਦੁਆਰਾ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਸਥਾਨਾਂ ਤੇ ਉਲੀਕੇ ਗਏ ਹਨ । ਜਿਨਾਂ ਵਿੱਚੋਂ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ 30 ਨਵੰਬਰ 2024 ਨੂੰ ਸ਼ਾਮ 6 ਵਜੇ ਤੋਂ ਲੈ ਕੇ ਰਾਤ 10 ਵਜੇ ਤੱਕ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ । ਇਸੇ ਤਰੀਕੇ ਨਾਲ 1 ਦਸੰਬਰ 2024 ਨੂੰ ਗੁਰਦੁਆਰਾ ਕਪਾਲ ਮੋਚਨ ਸਾਹਿਬ ਯਮੁਨਾਨਗਰ,2 ਦਸੰਬਰ 2024 ਨੂੰ ਗੁਰਦੁਆਰਾ ਟੋਕਾ ਸਾਹਿਬ ਨਰਾਇਣਗੜ,3 ਦਸੰਬਰ ਨੂੰ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਅਤੇ ਸਮਾਪਤੀ ਗੁਰਦੁਆਰਾ ਨਾਢਾ ਸਾਹਿਬ ਵਿਖੇ 8 ਦਸੰਬਰ ਨੂੰ ਹੋਵੇਗੀ । ਸਾਰੇ ਇਤਿਹਾਸਿਕ ਸਥਾਨਾਂ ਵਿਖੇ ਸ਼ਾਮ ਦੇ ਦੀਵਾਨਾਂ ਦਾ ਸਮਾਂ ਸ਼ਾਮ 6 ਤੋਂ 10 ਦਾ ਰੱਖਿਆ ਗਿਆ ਹੈ । ਸਾਰੇ ਸਮਾਗਮਾਂ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਥਾਵਾਚਕ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜ ਕੇ ਨਿਹਾਲ ਕਰਨਗੇ । ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੀ ਇਨਾਂ ਸਮਾਗਮਾਂ ਵਿੱਚ ਵੱਖ ਵੱਖ ਥਾਵਾਂ ਤੇ ਹਾਜ਼ਰੀ ਭਰਨਗੇ। ●●

ਆਵਾਜ਼ਿ ਕੌਮ AWAZE QAUM International Newspaper & WEB TV


ਅੰਮ੍ਰਿਤ ਛਕੋ
ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬ੍ਰਹਮ ਗਿਆਨੀ ਬਾਪੂ ਖੁਸ਼ਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ
ਅੰਮ੍ਰਿਤ ਛਕੋ
ਸਲਾਨਾ ਗੁਰਮਤਿ ਸਮਾਗਮ
6 ਦਸੰਬਰ (21 ਮੱਘਰ) 2024 ਦਿਨ ਸ਼ੁਕਰਵਾਰ
ਸਮਾਂ : ਸਵੇਰੇ 10 ਵਜੇ
ਬ੍ਰਹਮ ਗਿਆਨੀ ਬਾਬਾ ਖੁਸ਼ਾ ਸਿੰਘ ਜੀ (ਬਾਪੂ ਖੁਸ਼ਾ ਜੀ)
ਗੁਰਵਿੰਦਰ ਸਿੰਘ ਲਹੌਰੀਏ ਦਾ ਕਵੀਸ਼ਰੀ ਜੱਥਾ
ਕਬੱਡੀ ਐਕਸ਼ਨ ਸਟਾਰ
ਛੋਟੇ ਸੁਪਰ ਸਟਾਰਾਂ ਦੀ ਕਬੱਡੀ ਸ਼ਾਮ:3:00 ਵਜੇ
ਮੋ: 94634-27380, 98777-07918,
ਆਵਾਜ਼ਿ ਕੌਮ AWAZE QAUM TV
ਲਾਈਵ ਪ੍ਰੋਗਰਾਮ ਸਾਰਾ ਦਿਨ ਚੱਲੇਗਾ
ਅਜੀਤ ਪੌਦ ਨਰਸਰੀ
ਜਾਰੀ ਕਰਤਾ: ਭਾਈ ਸਰਬਜੀਤ ਸਿੰਘ ਵੱਲੀਆਂ, ਜ਼ਿਲ੍ਹਾ ਪ੍ਰੈਸ ਸਕੱਤਰ, ਮੋ: 75278-45340


ਤੇਰੇ ਜਨ ਪਰਉਪਕਾਰੀ ਆਏ
ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ
ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ
ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।
ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473
ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮਹੰਤ ਕਾਹਨ ਸਿੰਘ ਸੇਵਾਪੰਥੀ
ਸੰਤ ਰਣਜੀਤ ਸਿੰਘ ਸੇਵਾਪੰਥੀ
ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
**Call+393475711755 / 3208124778**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### ਸੁਧਾਰ ਲਹਿਰ ਦੇ ਤਲਬ ਕੀਤੇ ਆਗੂਆਂ ਦੇ ਸੌਂਪੇ ਅਸਤੀਫ਼ੇ ਕਨਵੀਨਰ ਵਡਾਲਾ ਵੱਲੋਂ ਪ੍ਰਵਾਨ

# ਸਿੰਘ ਸਾਹਿਬਾਨਾਂ ਦੇ ਹੁਕਮ ਤੋਂ ਪਹਿਲਾਂ ਅਤੇ ਹੁਕਮ ਤੋਂ ਬਾਅਦ ਸੁਧਾਰ ਲਹਿਰ ਦੇ ਆਗੂ ਬਿਆਨਬਾਜੀ ਤੋਂ ਗੁਰੇਜ ਕਰਨ

**ਚੰਡੀਗੜ੍ਹ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੀ ਕੱਲ ਅਹਿਮ ਮੀਟਿੰਗ ਚੰਡੀਗੜ ਵਿੱਚ ਹੋਈ ਜਿਸ ਵਿੱਚ ਮੌਜੂਦਾ ਪੰਥਕ ਅਤੇ ਸਿਆਸੀ ਹਲਾਤਾਂ ਤੇ ਲੰਮਾ ਸਮਾਂ ਚਰਚਾ ਹੋਈ। ਇਸ ਮੀਟਿੰਗ ਵਿਚ ਕਨਵੀਨਰ ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ, ਸਾਬਕਾ ਐਸਜੀਪੀਸੀ



ਪ੍ਰਧਾਨ ਬੀਬੀ ਜਗੀਰ ਕੌਰ, ਸਾਬਕਾ ਐੱਮਪੀ ਪ੍ਰੇਮ ਸਿੰਘ ਚੰਦੂਮਾਜਰਾ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਮੰਤਰੀ ਸਰਵਨ ਸਿੰਘ ਫਿਲੌਰ, ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸਾਬਕਾ ਵਿਧਾਇਕ ਗਗਨਜੀਤ ਸਿੰਘ ਬਰਨਾਲਾ , ਸੰਤਾ ਸਿੰਘ ਉਮੈਦਪੁਰੀ, ਮੈਂਬਰ ਸਕੱਤਰ ਚਰਨਜੀਤ ਸਿੰਘ ਬਰਾੜ ਅਤੇ ਬੀਬੀ ਪਰਮਜੀਤ ਕੌਰ ਲਾਂਡਰਾਂ ਹਾਜਰ ਰਹੇ। ਇਸ ਮੌਕੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਤਲਬ ਕੀਤੀ ਸੁਧਾਰ ਲਹਿਰ ਦੀ ਲੀਡਰਸ਼ਿਪ ਨੇ ਅਹਿਦ ਲਿਆ ਕਿ ਸਮੁੱਚੀ ਲੀਡਰਸ਼ਿਪ ਨਿਮਾਣੇ ਸਿੱਖ ਵਜੋ ਪੇਸ਼ ਹੋਵੇਗੀ। ਇਸ ਤੋਂ ਇਲਾਵਾ ਤਲਬ ਕੀਤੀ ਲੀਡਰਸ਼ਿਪ ਵਿੱਚ ਸੁਖਦੇਵ ਸਿੰਘ ਢੀਡਸਾ, ਪ੍ਰੋ: ਪ੍ਰੇਮ ਸਿੰਘ ਚੰਦੂਮਾਜਰਾ, ਸਿਕੰਦਰ ਸਿੰਘ ਮਲੂਕਾ ਤਿੰਨੇ ਐਗਜੈਕਟਿਵ ਕਮੇਟੀ ਮੈਂਬਰ ਅਤੇ ਸੁਰਜੀਤ ਸਿੰਘ ਰੱਖੜਾ ਪ੍ਰਜੀਡੀਅਮ ਮੈਂਬਰ ਦੇ ਅਸਤੀਫ਼ੇ ਕਨਵੀਨਰ ਗੁਰਪ੍ਰਤਾਪ ਸਿੰਘ ਵਡਾਲਾ ਮਨਜੂਰ ਕਰ ਲਏ ਗਏ। ਇੱਥੇ ਵਰਨਣਯੋਗ ਹੈ ਕਿ ਬੀਬੀ ਜਗੀਰ ਕੌਰ, ਸਰਵਨ ਸਿੰਘ ਫਿਲੌਰ ਐਗਜੈਕਟਿਵ ਮੈਂਬਰ ਅਤੇ ਅਤੇ ਪ੍ਰਮਿੰਦਰ ਸਿੰਘ ਢੀਡਸਾ ਪ੍ਰਜੀਡੀਅਮ ਮੈਂਬਰ ਪਹਿਲਾਂ ਹੀ ਅਸਤੀਫੇ ਦੇ ਕੇ ਸਪੱਸਟੀਕਰਨ ਦੇਣ ਗਏ ਸਨ। ਸਾਂਝੇ ਬਿਆਨ ਵਿੱਚ ਸਮੁੱਚੀ ਲੀਡਰਸਿੱਪ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਜੀ ਨੂੰ ਵਿਸ਼ਵਾਸ ਦਿਵਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਧਾਰਮਿੱਕ, ਸਿਆਸੀ ਜਾਂ ਹੋਰ ਕਿਸੇ ਵੀ ਕਿਸਮ ਦੀ ਸੇਵਾ ਉਹਨਾਂ ਵਿੱਚੋਂ ਕਿਸੇ ਨੂੰ ਵੀ ਲੱਗੇਗੀ ਤਾਂ ਉਹ ਸਿਰ ਝੁਕਾ ਕੇ ਸਮੱਰਪਿੱਤ ਹੋ ਕੇ ਨਿਮਾਣੇ ਸਿੱਖ ਦੇ ਤੌਰ ਤੇ ਨਿਭਾਉਣਗੇ। ਇਸ ਮੀਟਿੰਗ ਵਿੱਚ ਕਨਵੀਨਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਸੁਧਾਰ ਲਹਿਰ ਦੇ ਸਾਰੇ ਆਗੂਆਂ ਨੂੰ ਬੇਨਤੀ ਕੀਤੀ ਕਿ ਸਿੰਘ ਸਾਹਿਬਾਨ ਜੀ ਦੇ 2 ਦਸੰਬਰ ਨੂੰ ਸੁਣਾਏ ਜਾਣ ਵਾਲੇ ਫੈਸਲੇ ਤੋਂ ਪਹਿਲਾਂ ਅਤੇ ਫੈਸਲੇ ਤੋਂ ਬਾਅਦ ਵਿੱਚ ਕੋਈ ਵੀ ਆਗੂ ਬਿਆਨਬਾਜੀ ਨਾ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦ ਪਰਿਵਾਰਾਂ ਦੀ ਮੱਦਦ ਅਤੇ ਸ਼ਹੀਦੀ ਸਮਾਗਮਾਂ ਦੀ ਸੇਵਾ ਜਾਰੀ ਰਹੇਗੀ : ਜੱਥਾ ਠੀਕਰੀਵਾਲਾ





ਗੁਰੂ ਸਾਹਿਬਾਨ ਵੱਲੋ ਚਿੱਤਵੇਂ ਰਾਜ ਕਰੇਗਾ ਖਾਲਸਾ ਦੇ ਸੰਕਲਪ ਲਈ ਸਹਾਦਤਾਂ ਦੇਣ ਵਾਲੇ ਯੋਧਿਆਂ ਦੇ ਪਰਿਵਾਰਾਂ ਨੂੰ ਸਾਂਭਣਾ ਸਾਡਾ ਕੌਮੀ ਫਰਜ਼ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜੱਥਾ ਠੀਕਰੀਵਾਲਾ ਦੇ ਮੁੱਖ ਸੇਵਾਦਾਰ ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਅਤੇ ਕੈਲਫੋਰਨੀਆ ਯੂਨਿਟ ਦੇ ਮੁੱਖੀ ਭਾਈ ਗੁਰਪ੍ਰੀਤ ਸਿੰਘ ਟਰਲੱਕ ਨੇ ਕੀਤਾ ਓਨਾ ਕਿਹਾ ਜੱਥਾ ਠੀਕਰੀਵਾਲ 2009 ਤੋ ਸ਼ਹੀਦ ਸਿੰਘਾਂ ਦੀਆ ਬਰਸੀਆਂ ਮਨਾਉਣ ਅਤੇ ਸ਼ਹੀਦ ਪਰਿਵਾਰਾਂ ਦੀ ਮੱਦਦ ਕਰਨ ਦਾ ਕਾਰਜ ਕਰ ਰਿਹਾ ਹੈ ਜੱਥੇ ਵੱਲੋ ਕੌਮੀ ਪ੍ਰਵਾਰਾ ਨੂੰ ਮਹੀਨਾਵਾਰ ਮੱਦਦ ਕੀਤੀ ਜਾਂਦੀ ਹੈ ਸ਼ਹੀਦ ਸਿੰਘਾਂ ਦੇ ਬਜ਼ੁਰਗ ਮਾਤਾ ਜੀ ਪਿਤਾ ਜੀ ਦੀ ਬੁਢਾਪੇ ਦਾ ਸਹਾਰਾ ਬਣਿਆ ਜਾਂ ਰਿਹਾ ਹੈ ਸਾਡੇ ਇਹ ਕਾਰਜ ਲਗਾਤਾਰ ਜਾਰੀ ਰਹਿਣਗੇ, ਜੱਥਾ ਠੀਕਰੀਵਾਲਾ ਵੱਲੋ ਹਰ ਮਹੀਨੇ ਸ਼ਹੀਦੀ ਸਮਾਗਮ ਕੀਤੇ ਜਾਂਦੇ ਹਨ ਅਗਲੇ ਮਹੀਨੇ ਵਿੱਚ ਇੱਕ ਵੱਡਾ ਸ਼ਹੀਦੀ ਸਮਾਗਮ ਕੀਤਾ ਜਾਂ ਰਿਹਾ ਹੈ , ਆਪਣੀ ਜਿੰਦ ਕੌਮ ਲੇਖੇ ਲਾਉਣ ਵਾਲੇ ਯੋਧਿਆਂ ਲਈ ਜੱਥਾ ਠੀਕਰੀਵਾਲਾ ਹਮੇਸ਼ਾ ਹਾਜ਼ਰ ਹੈ ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਨੇ ਦੱਸਿਆ ਕੇ ਭਾਈ ਗੁਰਪ੍ਰੀਤ ਸਿੰਘ ਟਰੱਲਕ ਨੂੰ ਜੱਥਾ ਠੀਕਰੀਵਾਲ ਵੱਲੋ ਲੰਮੇ ਸਮੇ ਦੀਆ ਸੇਵਾਵਾਂ ਕਰਨ ਕਰਕੇ ਜੱਥਾ ਠੀਕਰੀਵਾਲਾ ਦੇ ਕੈਲੀਫੋਰਨੀਆ ਯੂਨਿਟ ਦਾ ਮੁੱਖ ਸੇਵਾਦਾਰ ਥਾਪਿਆ ਗਿਆ ਹੈ ਅਸੀਂ ਉਮੀਦ ਕਰਦੇ ਹਾ ਭਾਈ ਗੁਰਪ੍ਰੀਤ ਸਿੰਘ ਪਹਿਲਾ ਦੀ ਤਰਾਂ ਪੂਰੀ ਜਿੰਮੇਵਾਰੀ ਨਾਲ ਕੌਮੀ ਸੇਵਾਵਾਂ ਨਿਭਾਉਂਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV


ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧ ਜਗ ਚਾਨਣ ਹੋਆ॥ ਜਿਉ ਕਰ ਸੂਰਜੁ ਨਿਕਲਿਆ ਤਾਰੇ ਛਪਿ ਅੰਧੇਰ ਪਲੋਆ॥
ਜਗਤ ਗੁਰੂ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਗਟ ਦਿਵਸ ਨੂੰ ਸਮਰਪਿਤ
ਅਤੇ
ਸ਼੍ਰੀ ਮਾਨ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ (ਰਾੜਾ ਸਾਹਿਬ),
ਸ਼੍ਰੀ ਮਾਨ ਸੰਤ ਬਾਬਾ ਸੁਖਦੇਵ ਸਿੰਘ ਜੀ ਮਹਾਰਾਜ (ਅਲਹੌਰਾਂ ਸਾਹਿਬ )
ਜੱਥੇਦਾਰ ਬਾਬਾ ਮਹਿੰਦਰ ਸਿੰਘ ਜੀ ਮਹਾਰਾਜ (ਰਾੜਾ ਸਾਹਿਬ, ਜਰਗ )
ਸ਼੍ਰੀ ਮਾਨ ਸੰਤ ਬਾਬਾ ਕਿਸ਼ਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ )
ਯਾਦ ਨੂੰ ਸਮਰਪਿਤ
5 ਰੋਜ਼ਾ ਮਹਾਨ ਗੁਰਮਿਤ ਸਮਾਗਮ
ਮਿਤੀ 26 ਨਵੰਬਰ ਤੋਂ 30 ਨਵੰਬਰ 2024 ਤੱਕ,
ਗੁ: ਗੁਰੂ ਨਾਨਕ ਸਰੋਵਰ ਸਾਹਿਬ ਪਿੰਡ ਕਾਦਰਾਬਾਦ ਵਿਖੇ
ਸ਼੍ਰੀ ਮਾਨ ਸੰਤ ਬਾਬਾ ਭੁਪਿੰਦਰ ਸਿੰਘ ਜੀ
(ਰਾੜਾ ਸਾਹਿਬ ਜਰਗ ਵਾਲਿਆ ਵੱਲੋਂ)
11 ਵਜੇ ਤੋਂ 3 ਵਜੇ ਤੱਕ ਦਿਵਾਨ ਸਜਾਏ ਜਾਣਗੇ
ਮਹਾਨ ਅੰਮ੍ਰਿਤ ਸੰਚਾਰ 30 ਨਵੰਬਰ 2024
ਸੰਤ ਬਾਬਾ ਭੁਪਿੰਦਰ ਸਿੰਘ ਜੀ
ਰਾੜਾ ਸਾਹਿਬ ਜਰਗ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ
ਮਿਤੀ 30 ਨਵੰਬਰ 2024
ਸ਼ਰਮਾ ਬ੍ਰਦਰਜ ਕੰਪਿਊਟਰਾਇਜ਼ਡ ਲੈਬੋਰੇਟਰੀ ਵੱਲੋਂ ਸਰੀਰ ਦੇ ਹਰ ਪ੍ਰਕਾਰ ਦੇ ਟੈਸਟਫਰੀ ਕੀਤੇ ਜਾਣਗੇ
ਮਿਤੀ 30 ਨਵੰਬਰ 2024
ਦਸਤਾਰ ਸਿਖਲਾਈ ਕੈਂਪ
ਜਲੇਬੀਆਂ ਦਾ ਲੰਗਰ ਅਤੁੱਟ ਵਰਤੇਗਾ
ਇਸ ਅਸਥਾਨ ਤੇ ਪੂਰਨਮਾਸੀ ਅਤੇ ਪੰਚਮੀ ਮਨਾਈ ਜਾਂਦੀ ਹੈ
ਇਸ ਅਸਥਾਨ ਤੇ ਗੁਰਬਾਣੀ ਦੀ ਸੰਥਿਆ ਅਤੇ ਸਾਜਾਂ ਦੀ ਸਿਖਲਾਈ ਫਰੀ ਦਿੱਤੀ ਜਾਂਦੀ ਹੈ
KHALSA RADIO
ਇਸ ਸਮਾਗਮ ਦਾ ਸਿੱਧਾ ਪ੍ਰਸਾਰਣ ਖਾਲਸਾ ਰੇਡਿਓ ਚੈਨਲ ਤੇ ਕੀਤਾ ਜਾਵੇਗਾ
ਸ਼੍ਰੀ ਗੁਰੂ ਨਾਨਕ ਦੇਵ ਜੀ ਟਰੱਸਟ ਗੁ: ਅਲਹੌਰਾਂ ਸਾਹਿਬ
ਵੱਲੋ
ਮੁੱਖ ਸੇਵਾਦਾਰ ਬਾਬਾ ਜਗਤਾਰ ਸਿੰਘ ਜੀ ਅਲਹੌਰਾ ਸਾਹਿਬ ਵਾਲੇ
ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਪਿੰਡ ਕਾਦਰਾਬਾਦ
ਸੰਪਰਕ ਨੰ.
98726-30183
70873-74076
ਚੱਲ ਰਹੀ ਗੁਰੂ ਘਰ ਦੀ ਇਮਾਰਤ ਵਿੱਚ ਸੇਵਾ ਪਾਉਣ ਲਈ
ਮੁੱਖ ਸੇਵਾਦਾਰ ਸੰਤ ਬਾਬਾ ਜਗਤਾਰ ਸਿੰਘ ਜੀ ਅਲਹੌਰਾਂ ਸਾਹਿਬ ਵਾਲੇ


ਸੂਰਾ ਸੋ ਪਹਿਚਾਨੀਐ, ਜੋ ਲਰੈ ਦੀਨ ਕੇ ਹੇਤ॥
ਪੁਰਜਾ ਪੁਰਜਾ ਕਟਿ ਮਰੈ, ਕਬਹੂ ਨਾ ਛਾਡੈ ਖੇਤ॥੨੦॥
8295019411
9813802352
ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ
ਮਹਾਨ ਕੀਰਤਨ ਦਰਬਾਰ
ਰਾਸ਼ਟਰ ਜਾਗਰਣ ਮੰਚ ਟ੍ਰਸਟ, ਬਾਬਾ ਬੰਦਾ ਸਿੰਘ ਬਹਾਦਰ ਸੇਵਾ ਸੋਸਾਇਟੀ ਦੋਸੜਕਾ (ਅੰਬਾਲਾ) ਹਰਿਆਣਾ
ਅਤੇ ਸਮੂੰਹ ਇਲਾਕਾ ਨਿਵਾਸੀ ਸਾਧ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ
ਮਿਤੀ : 29-11-2024 ਦਿਨ ਸ਼ੁਕਰਵਾਰ
ਸਥਾਨ : ਸੰਤ ਬਾਬਾ ਪ੍ਰੇਮ ਸਿੰਘ ਗੁਰਦੁਆਰਾ ਸਾਹਿਬ, ਬਰਾੜਾ
ਸਮਾ : ਸਵੇਰੇ 8 ਵਜੇ ਤੋ ਦੋਪਹਿਰ 2 ਵਜੇ ਤਕ
ਪੁਜ ਰਹੇ ਰਾਗੀ ਜੱਥੇ
ਪ੍ਰਧਾਨ ਭੁਪਿੰਦਰ ਸਿੰਘ ਅਸੰਧ
ਭਾਈ ਯਾਦਵਿੰਦਰ ਸਿੰਘ ਜੀ ਪਟਿਆਲੇ ਵਾਲੇ
ਗਿਆਨੀ ਸੂਬਾ ਸਿੰਘ ਜੀ ਪਿਹੋਵਾ ਵਾਲੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਭਾਈ ਮਨਦੀਪ ਸਿੰਘ ਜੀ ਮੁਰੀਦ ਸੰਗਰੂਰ ਵਾਲੇ
ਭਾਈ ਗੁਰਸੇਵਕ ਸਿੰਘ ਰੰਗੀਲਾ ਗੁਰਦੁਆਰਾ ਦਾਦੂਸਾਹੇਬ
ਜੱਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ, ਚੇਅਰਮੈਨ ਧਰਮ ਪ੍ਰਚਾਰ ਕਮੇਟੀ
ਸੁਦਰਸ਼ਨ ਸਿੰਘ ਸਹਗਲ ਸਿਨਿਅਰ ਮੀਤ ਪ੍ਰਧਾਨ
ਤਰਵਿੰਦਰਪਾਲ ਸਿੰਘ MEMBER EXECUTIVE (HSGMC)
ਹਰਪਾਲ ਸਿੰਘ ਕੰਬੋਜ MEMBER (HSGMC)
ਰਾਜਿੰਦਰ ਸਿੰਘ MEMBER (HSGMC)
ਇੰਦਰਜੀਤ ਸਿੰਘ MEMBER (HSGMC)
ਕੈਪਟਨ ਦਿਲਬਾਗ ਸਿੰਘ MEMBER (HSGMC)

ਆਵਾਜ਼ਿ ਕੌਮ AWAZE QAUM International Newspaper & WEB TV

# 2 ਦਸੰਬਰ ਦੀ ਪੇਸ਼ੀ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ

## 'ਭੁੱਲਾਂ ਬਖਸ਼ਾਉਣ ਆਉਣ ਵਾਲੇ ਆਗੂ ਨਾ ਕਰਨ ਸ਼ੋਰ ਸ਼ਰਾਬਾ'



ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

- 'ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਿਆਦਾ ਦਾ ਰੱਖੋ ਖਿਆਲ'
- 'ਉਲੰਘਣਾ ਕਰਨ ਵਾਲੇ ਆਗੂ ਖੁਦ ਹੋਣਗੇ ਜ਼ਿੰਮੇਵਾਰ'
- ਜਥੇਦਾਰ ਸਾਹਿਬਾਨ ਵੱਲੋਂ ਸੁਖਬੀਰ ਸਿੰਘ ਬਾਦਲ ਸਣੇ 2007 ਤੋਂ 2017 ਤੱਕ ਪੂਰੀ ਸ਼੍ਰੋਮਣੀ ਅਕਾਲੀ ਦਲ ਦੀ ਕੈਬਨਿਟ ਕੀਤੀ ਗਈ ਹੈ ਤਲਬ
- ਉਸ ਵੇਲੇ ਦੇ 3 ਸਾਬਕਾ ਜਥੇਦਾਰ ਵੀ ਪਹੁੰਚਣਗੇ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਰੰਘਰੇਟਾ ਗੁਰੂ ਕਾ ਬੇਟਾ — ੴ ਸਤਿਗੁਰ ਪ੍ਰਸਾਦਿ ॥ — ਰੰਘਰੇਟਾ ਗੁਰੂ ਕਾ ਬੇਟਾ

# ਤਿਲਕ ਜੰਞੂ ਦੇ ਰਾਖੇ ਹਿੰਦ ਦੀ ਚਾਦਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲ ਸ਼ਹੀਦੀ ਸਤਾਬਦੀ ਸਮਾਗਮ ਨੂੰ ਸਮਰਪਿਤ

ਅਤੇ ਗੁਰੂ ਸਾਹਿਬ ਜੀ ਦੇ ਨਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ ਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਮਹਾਨ ਸਹਾਦਤ ਨੂੰ ਸਮਰਪਿਤ ਅਮਰ ਸ਼ਹੀਦ ਸ਼੍ਰੋਮਣੀ ਜਰਨੈਲ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਦੇ ਦਿੱਲੀ (ਚਾਂਦਨੀ ਚੌਕ) ਤੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ (ਪਾਵਨ ਸੀਸ ) ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੇ ਮਹਾਨ ਦਿਨ ਨੂੰ ਯਾਦ ਕਰਦਿਆਂ

## ਸਮੁੱਚੀਆਂ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਿਸ਼ਾਨ ਸਾਹਿਬ ਅਤੇ ਨਗਾਰਿਆਂ ਦੀ ਗੂੰਜ ਵਿੱਚ

ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ

# ਮਹਾਨ ਸੀਸ ਭੇਟਾ ਵਿਸ਼ਾਲ ਨਗਰ ਕੀਰਤਨ

ਆਪ ਸਭ ਸੰਗਤਾਂ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਇਸ ਮਹਾਨ ਪਰ ਉਪਕਾਰ ਵਾਲੇ ਦਿਨ ਨੂੰ ਯਾਦ ਕਰਦਿਆਂ ਵੱਧ ਤੋਂ ਵੱਧ ਸੰਗਤਾਂ ਸੀਸ ਭੇਟ ਯਾਤਰਾ ਦੇ ਵਿਸ਼ਾਲ ਨਗਰ ਕੀਰਤਨ ਵਿੱਚ ਆਪੋ ਆਪਣੀਆਂ ਗੱਡੀਆਂ ਲੈ ਕੇ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ।

## ਯਾਤਰਾ ਦਾ ਰੂਟ ਵੇਰਵਾ:-

ਆਵਾਜ਼ਿ ਕੌਮ AWAZE QAUM International Newspaper & WEB TV

### ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ

ਗੁ: ਸੀਸ ਗੰਜ ਸਾਹਿਬ ਦਿੱਲੀ ਤੋਂ ਸਵੇਰੇ 8:00 ਵਜੇ ਆਰੰਭ ਹੋਵੇਗਾ ।
ਗੁ: ਸ਼੍ਰੀ ਨਾਨਕ ਪਿਆਉ ਦੇ ਰਸਤੇ ਸੋਨੀਪਤ, ਪਾਣੀਪਤ, ਕਰਨਾਲ ਬਾਈਪਾਸ, ਗ ਲੰਗਰ ਮਾਤਾ ਸਾਹਿਬ ਦੇਵਾਂ ਜੀ।
ਨਾਨਕਸਰ ਕਰਨਾਲ ਦੇ ਰਸਤੇ ਵਿਸ਼ਰਾਮ ਗੁ: ਸੀਸ ਗੰਜ ਸਾਹਿਬ ਤਰਾਵੜੀ ਵਿਖੇ ਹੋਵੇਗਾ ।

### ਮਿਤੀ 7-12-24 ਦਿਨ ਸ਼ਨੀਵਾਰ ਨੂੰ

ਗੁ: ਸੀਸ ਗੰਜ ਸਾਹਿਬ ਤੋਂ ਤਰਾਵੜੀ ਤੋਂ ਆਰੰਭ ਹੋ ਕੇ ਵਾਇਆ ਕੁਰਕਸ਼ੇਤਰ ਵਿਖੇ, ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਤੇ ਪਿੱਪਲੀ ਸੰਪਰਦਾ ਨੀਲ ਧਾਰੀ ਤੋਂ ਸ਼ਾਹਬਾਦ ਦੇ ਰਸਤੇ ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਅੰਬਾਲਾ ਤੋਂ ਹੁੰਦਾ ਹੋਇਆ ਰਾਤ ਦਾ ਵਿਸ਼ਰਾਮ ਗੁ: ਨਾਭਾ ਸਾਹਿਬ ਜੀਰਕਪੁਰ ਵਿਖੇ ਹੋਵੇਗਾ ।

### ਮਿਤੀ 8-12-24 ਦਿਨ ਐਤਵਾਰ ਨੂੰ

ਗੁ: ਨਾਭਾ ਸਾਹਿਬ ਜੀਰਕਪੁਰ ਤੋਂ ਆਰੰਭ ਹੋ ਕੇ ਏਅਰਪੋਰਟ ਰੋਡ ਤੋਂ ਆਈਸਰ ਕੰਪਨੀ ਤੋਂ ਹੁੰਦਾ ਹੋਇਆ ਫੇਜ਼ 11 ਵਿਖੇ
ਗੁ: ਸਿੰਘ ਸਭਾ ਤੋਂ ਗੁ: ਬਾਬਾ ਨਾਮਦੇਵ ਜੀ ਫੇਜ਼ 10 ਤੋਂ ਗੁ: ਸਿੰਘ ਸ਼ਹੀਦਾਂ ਸੁਹਾਣਾਂ ਤੋਂ ਗੁ ਅੰਬ ਸਾਹਿਬ ਫੇਜ਼ 8 ਤੋਂ
ਗੁ: ਸਿੰਘ ਸਭਾ ਤੋਂ ਗੁ ਰਵੀਦਾਸ ਟੈਂਪਲ ਫੇਜ਼ 7 ਤੋਂ ਗੁ ਸਾਚਾ ਧੰਨ ਫੇਜ ਤਬੀ 1 ਤੇ ਹੁੰਦਾ ਹੋਇਆ ਗੁ ਰਾਮਗੜੀਆਂ ਸਾਹਿਬ
3 ਬੀ 1 ਤੋਂ ਹੁੰਦਾ ਹੋਇਆ ਗੁ: ਬਾਬਾ ਜੀਵਨ ਸਿੰਘ ਫੇਜ 3 ਏ ਖੇਰ ਲਾਂਡਰਾ ਰਸਤੇ ਹੁੰਦਾ ਹੋਇਆ
ਰਾਤ ਵਿਸ਼ਰਾਮ ਸ੍ਰੀ ਫਤਹਿਗੜ ਸਾਹਿਬ ਸਰਹੰਦ ਵਿਖੇ ਹੋਵੇਗਾ ।

### ਮਿਤੀ 9-12-24 ਦਿਨ ਸੋਮਵਾਰ ਨੂੰ

ਗੁ: ਫਤਿਹਗੜ ਸਾਹਿਬ ਤੋਂ ਅਰੰਭ ਹੋ ਕੇ ਚਾਇਆ ਮੋਰਿੰਡਾਂ ਹੁੰਦਾ ਹੋਇਆ ਗੁ ਕੀਤਵਾਲੀ ਸਾਹਿਬ ਤੇ ਹੁੰਦਾ ਹੋਇਆ ਗੁ ਸ੍ਰੀ ਚਮਕੌਰ ਸਾਹਿਬ ਹੁੰਦਾ ਹੋਇਆ ਗੁ: ਸ਼ਹੀਦ ਬਾਬਾ ਦੀਪ ਸਿੰਘ ਸੇਲਖੀਆਂ, ਗੁ: ਭੱਠਾ ਸਾਹਿਬ ਪਾਤਿਸ਼ਾਹੀ ਦਸਵੀਂ ਤੋਂ ਗੁ ਸਦਾਬਰਤ ਸਾਹਿਬ ਤੋਂ ਸਾਹੀ ਟਿੱਬੀ ਤੋਂ ਗੁ: ਨਿਰਮੋਹਗੜ੍ਹ ਦੇ ਰਸਤੇ ਗੁ: ਕੀਰਤਪੁਰ ਸਾਹਿਬ ਰੋਪੜ ਵਿਖੇ ਰਾਤ ਦਾ ਵਿਸ਼ਰਾਮ

### ਮਿਤੀ 10-12-24 ਦਿਨ ਮੰਗਲਵਾਰ ਨੂੰ

ਸਵੇਰੇ 7:00 ਵਜੇ ਗੁ: ਬਿਬਾਣਗੜ੍ਹ ਸਾਹਿਬ ਅਰੰਭ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਮੂਹ ਸੰਗਤਾਂ ਨਗਰ ਕੀਰਤਨ ਨੂੰ ਜੀ ਆਇਆ ਕਰਨ ਤੇ ਵਿਸ਼ਾਲ ਨਗਰ ਕੀਰਤਨ ਰਾਹੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਸੰਗਤਾਂ ਵੱਲੋਂ

ਗੁ: ਸੀਸ ਗੰਜ਼ ਸਾਹਿਬ (ਸ੍ਰੀ ਅਨੰਦਪੁਰ ਸਾਹਿਬ) ਵਿਖੇ ਕੀਰਤਨ ਦਰਬਾਰ ਹੋਵੇਗਾ ਅਤੇ ਨਗਰ ਕੀਰਤਨ ਸਮਾਪਤੀ ਦੀ ਅਰਦਾਸ ਕੀਤੀ ਜਾਵੇਗੀ ।



ਜਥੇਦਾਰ ਬਾਬਾ ਮੇਜਰ ਸਿੰਘ ਸੋਢੀ
ਮੁੱਖੀ ਦਸਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ਮਿਸਲ
1300 ਘੋੜ ਸਵਾਰ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ
ਸ੍ਰੀ ਅੰਮ੍ਰਿਤਸਰ ਸਾਹਿਬ





ਮਹਿਤਾ ਚੌਕ



ਭਾਈ ਸੁਖਦੇਵ ਸਿੰਘ ਜੀ
ਮੁੱਖ ਬੁਲਾਰੇ ਦਮਦਮੀ ਟਕਸਾਲ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜ਼ਿਲ੍ਹਾ ਅੰਮ੍ਰਿਤਸਰ ਵਿੱਚ ਇਤਿਹਾਸਿਕ ਕਿਸਾਨ ਮਜ਼ਦੂਰ ਰੈਲੀ

# 3 ਨੂੰ ਸ਼ੰਭੂ 6 ਨੂੰ ਦਿੱਲੀ ਕੂਚ ਦੀਆਂ ਜ਼ੋਰਦਾਰ ਤਿਆਰੀਆਂ



**ਅੰਮ੍ਰਿਤਸਰ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜਿਲ੍ਹਾ ਅੰਮ੍ਰਿਤਸਰ ਦੇ ਪਿੰਡ ਖੁਜਾਲਾ ਵਿੱਚ 3 ਦਸੰਬਰ ਨੂੰ ਸ਼ੰਭੂ ਬਾਰਡਰ ਮੋਰਚੇ ਅਤੇ 6 ਤਰੀਕ ਦੇ ਦਿੱਲੀ ਕੂਚ ਦੇ ਐਲਾਨ ਦੇ ਚਲਦੇ ਕਿਸਾਨਾਂ ਮਜਦੂਰਾਂ ਅਤੇ ਔਰਤਾਂ ਦੀ ਰੈਲੀ ਕੀਤੀ ਗਈ। ਇਸ ਮੌਕੇ ਸੂਬਾ ਆਗੂ ਸਰਵਣ ਸਿੰਘ ਪੰਧੇਰ ਅਤੇ ਹਰਵਿੰਦਰ ਸਿੰਘ ਮਸਾਣੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਮਿਲ ਕੇ ਕਿਸਾਨ ਮਜਦੂਰ ਅੰਦੋਲਨ ਦੀਆਂ ਮਨੀਆਂ ਹੋਈਆਂ ਮੰਗਾਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਸਭ ਹਥਕੰਡੇ ਵਰਤ ਰਹੀਆਂ ਹਨ। ਉਹਨਾਂ ਕਿਹਾ ਕਿ ਅੱਜ ਦੇ ਇੱਕਠ ਨੇ ਸਾਬਿਤ ਕਰ ਦਿੱਤਾ ਹੈ ਕਿ ਦੇਸ਼ ਦੇ ਲੋਕ ਅੰਦੋਲਨ ਦੀਆਂ ਮੰਗਾਂ ਨਾਲ ਦਿਲੋਂ ਜੁੜੇ ਹੋਏ ਹਨ ਅਤੇ ਇਸ ਤਰ੍ਹਾਂ ਮੋਰਚੇ ਦੇ ਲੀਡਰਾਂ ਨੂੰ ਗ੍ਰਿਫਤਾਰ ਕਰਨ ਨਾਲ ਲੋਕਾਂ ਦੇ ਹੌਸਲੇ ਨਹੀਂ ਟੁੱਟਣ ਵਾਲੇ ਸਗੋਂ ਇਹ ਹੋਰ ਵੀ ਬੁਲੰਦ ਹੋਣਗੇ। ਇਸ ਮੌਕੇ ਸੂਬਾ ਆਗੂ ਲਖਵਿੰਦਰ ਸਿੰਘ ਵਰਿਆਮ ਨੰਗਲ ਅਤੇ ਕੰਵਰਦਲੀਪ ਸੈਦੋਲੇਹਲ ਨੇ ਕਿਹਾ ਕਿ ਅੰਦੋਲਨ ਦੀ ਬਿਜਲੀ ਵਿਭਾਗ ਨਾਲ ਸਬੰਧਤ ਅਹਿਮ ਮੰਗ ਨੂੰ ਦਰਕਿਨਾਰ ਕਰਦੇ ਹੋਏ ਪੰਜਾਬ ਅਤੇ ਕੇਂਦਰ ਸਰਕਾਰ ਪ੍ਰੀਪੇਡ ਮੀਟਰ ਲਗਾ ਕੇ ਵਿਭਾਗ ਦਾ ਪੂਰਨ ਨਿੱਜੀਕਰਨ ਵੱਲ ਵਧ ਰਹੀ ਹੈ। ਇਸ ਮੌਕੇ ਆਗੂਆਂ ਵੱਲੋਂ ਕਿਹਾ ਗਿਆ 6 ਦਸੰਬਰ ਨੂੰ ਦਿੱਲੀ ਕੂਚ ਵੇਲੇ ਸੀਨੀਅਰ ਆਗੂ ਜਥੇ ਨੂੰ ਲੀਡ ਕਰਨਗੇ। ਉਹਨਾਂ ਕਿਹਾ ਕਿ ਅੱਜ ਸ਼ੰਭੂ ਬਾਰਡਰ ਤੇ ਸਰਕਾਰ ਵੱਲੋਂ ਰਸਤਾ ਖੋਲ੍ਹੇ ਜਾਣ ਦੀਆਂ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ ਜ਼ੋ ਕਿ ਸਰਾਸਰ ਝੂਠ ਹੈ। ਉਹਨਾਂ ਵੱਧ ਤੋਂ ਵੱਧ ਕਿਸਾਨਾਂ ਮਜਦੂਰਾਂ ਅਤੇ ਔਰਤਾਂ ਨੂੰ ਸ਼ੰਭੂ ਅਤੇ ਖਨੌਰੀ ਬਾਡਰ ਤੇ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਜਿਲ੍ਹਾ ਆਗੂ ਬਲਦੇਵ ਸਿੰਘ ਬੱਗਾ, ਕੰਧਾਰ ਸਿੰਘ ਭੋਏਵਾਲ, ਸੁਖਦੇਵ ਸਿੰਘ ਚਾਟੀਵਿੰਡ, ਬਲਵਿੰਦਰ ਸਿੰਘ ਰੁਮਾਣਾਚੱਕ, ਰਣਜੀਤ ਸਿੰਘ ਚਾਟੀਵਿੰਡ, ਚਰਨ ਸਿੰਘ ਕਲੇਰ ਘੁਮਾਣ, ਅਮਰੀਕ ਸਿੰਘ ਜਮਾਲਪੁਰ, ਮੁਖਤਾਰ ਸਿੰਘ ਭੰਗਵਾ, ਅਮਨਿੰਦਰ ਸਿੰਘ ਮਾਲੋਵਾਲ, ਸਵਰਨ ਸਿੰਘ ਉਦੋ ਨੰਗਲ, ਸੁਖਦੇਵ ਸਿੰਘ ਕਾਜੀਕੋਟ, ਸਵਿੰਦਰ ਸਿੰਘ ਰੂਪੋਵਾਲੀ, ਗੁਰਭੇਜ ਸਿੰਘ ਝੰਡੇ, ਸਵਰਨ ਸਿੰਘ ਕੋਟਲਾ ਸਮੇਤ ਹਜ਼ਾਰਾਂ ਕਿਸਾਨ ਮਜ਼ਦੂਰ ਅਤੇ ਔਰਤਾਂ ਹਾਜ਼ਿਰ ਸਨ।

### ਸਾਰੇ ਧਰਮਾਂ ਦੀਆਂ ਬੇਅਦਬੀਆਂ ਨੂੰ ਰੋਕਣ ਲਈ ਸਖਤ ਮਤਾ ਪਾ ਕੇ ਕੇਂਦਰ ਨੂੰ ਭੇਜੇ ਪੰਜਾਬ ਹਕੂਮਤ : ਢਾਡੀ ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ

# ਕਾਨੂੰਨ ਬਣਾਉਣ ਲਈ ਜਲਦੀ ਪੰਜਾਬ ਦੇ ਮੁੱਖ ਮੰਤਰੀ ਨਾਲ ਕਰਾਂਗੇ ਮੁਲਾਕਾਤ

ਪੰਜਾਬ ਵਿੱਚ ਲਗਾਤਾਰ 2015 ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋ ਰਹੀਆਂ ਬੇਅਦਬੀਆਂ ਨਾਲ ਸਿੱਖਾਂ ਦੇ ਹਿਰਦੇ ਵਲੂੰਦਰੇ ਗਏ ਹਨ ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਢਾਡੀ ਜਸਵੀਰ ਸਿੰਘ ਮਾਨ ( ਮਾਨ ਸਿੰਘ ਅਕਾਲੀ ) ਪੰਥ ਬੁੱਢਾ ਦਲ 96 ਕਰੋੜੀ ਜੀ ਨੇ ਕਿਹਾ ਕਿ ਪੰਜਾਬ ਵਿੱਚ ਹੋ ਰਹੀਆਂ ਲਗਾਤਾਰ ਬੇਅਦਬੀਆਂ ਨੂੰ ਰੋਕਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਕੇ ਸਬੰਧਤ ਕਾਨੂੰਨ ਬਣਾਉਣ ਲਈ ਗੱਲ ਆਖੀ ਜਾਵੇਗੀ। ਜਿਕਰ ਯੋਗ ਹੈ ਕਿ ਭਾਰਤ ਵਿੱਚ ਲਗਾਤਾਰ ਗੁਰੂ ਸਾਹਿਬਾਨਾ ਦੀਆ ਨਕਲ ਕਰਨ ਦੀ ਵੀ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ । ਬੇਅਦਬੀ ਨੂੰ ਰੋਕਣ ਲਈ ਜੋ ਪਹਿਲਾਂ ਸਰਕਾਰ ਵੱਲੋਂ ਕਾਨੂੰਨ ਬਣਾਏ ਗਏ ਹਨ ਉਹਨਾਂ ਕਾਨੂੰਨਾਂ ਦਾ ਡਰ ਬੇਅਦਬੀਆਂ ਕਰਨ ਵਾਲਿਆਂ ਤੇ ਲਾਗੂ ਹੁੰਦਾ ਦਿਖਦਾ ਨਹੀਂ ਹੈ । ਬੇਅਦਬੀਆਂ ਰੋਕੂ ਕਾਨੂੰਨਾਂ ਦੇ ਵਿੱਚ ਸੋਧ ਕਰਨ ਦੀ ਸਰਕਾਰਾਂ ਨੂੰ ਸਖਤ ਜਰੂਰਤ ਹੈ ਕਿਉਂਕਿ ਪਹਿਲਾਂ ਵਾਲੇ ਕਾਨੂੰਨਾ ਵਿੱਚ ਸਿਰਫ ਤਿੰਨ ਸਾਲ ਦੀ ਸਜ਼ਾ ਦਾ ਹੀ ਪ੍ਰਾਵਧਾਨ ਹੈ ਜੋ ਬੇਅਦਬੀਆਂ ਰੋਕਣ ਲਈ ਕਾਫੀ ਨਹੀਂ ਜਾਂ ਸਿੱਧੇ ਤੌਰ ਤੇ ਇੰਜ ਕਹਿ ਲਓ ਕਿ ਇਹਨਾਂ ਕਾਨੂੰਨਾਂ ਨਾਲ ਬੇਅਦਬੀਆਂ ਨਹੀਂ ਰੁਕ ਰਹੀਆਂ ।



**ਬੇਅਦਬੀਆਂ ਤੇ ਕੋਈ ਵੀ ਮਤਾ ਬਣਾਉਣ ਤੋਂ ਪਹਿਲਾਂ ਪੰਜਾਬ ਸਰਕਾਰ ਬਾਦਲ ਸਰਕਾਰ ਵਾਲੀ ਗਲਤੀ ਨਾ ਕਰੇ** : ਜ਼ਿਕਰ ਯੋਗ ਹੈ ਕਿ ਬਾਦਲ ਸਰਕਾਰ ਵੇਲੇ ਵੀ ਮੌਕੇ ਦੀ ਹਕੂਮਤ ਨੇ ਮਤਾ ਪਾ ਕੇ ਕੇਂਦਰ ਸਰਕਾਰ ਨੂੰ ਭੇਜਿਆ ਗਿਆ ਸੀ ਪਰ ਉਸ ਵੇਲੇ ਕੇਂਦਰ ਸਰਕਾਰ ਨੇ ਬੇਅਦਬੀਆਂ ਤੇ ਸਖਤ ਕਾਨੂੰਨ ਦਾ ਮਤਾ ਇਹ ਕਾਰਨ ਦੱਸ ਕੇ ਰੱਦ ਕਰ ਦਿੱਤਾ ਸੀ ਕਿ ਸਿਰਫ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬੇਅਦਬੀ ਨਾਲ ਸੰਬੰਧਿਤ ਹੀ ਸਜ਼ਾਵਾਂ ਦਾ ਪ੍ਰਾਵਧਾਨ ਕੀਤਾ ਗਿਆ ਹੈ । ਗੁਰੂ ਸਾਹਿਬ ਨੇ ਸਰਬ ਸਾਂਝੀ ਵਾਲਤਾ ਦਾ ਉਪਦੇਸ਼ ਦਿੱਤਾ ਹੈ । ਗੁਰੂ ਸਾਹਿਬ ਨੇ ਸਿੱਖ ਨੂੰ ਸਾਰੇ ਧਰਮਾਂ ਦਾ ਸਤਿਕਾਰ ਕਰਨਾ ਸਿਖਾਇਆ ਹੈ । ਸੋ ਇਸ ਵਾਰ ਪੰਜਾਬ ਸਰਕਾਰ ਇਸ ਤਰ੍ਹਾਂ ਦਾ ਕੋਈ ਵੀ ਗਲਤੀ ਨਾ ਕਰੇ, ਮਤਾ ਪਾਉਣ ਤੋਂ ਪਹਿਲਾਂ ਸਾਰੇ ਧਰਮਾਂ ਨਾਲ ਸੰਬੰਧਿਤ ਬੇਅਦਬੀਆਂ ਰੋਕਣ ਲਈ ਮਤਾ ਬਣਾਵੇ ਤਾਂ ਕਿ ਕੇਂਦਰ ਸਰਕਾਰ ਦੁਆਰਾ ਉਹੀ ਇਲਜ਼ਾਮ ਲਗਾ ਕੇ ਇਸ ਮਤੇ ਨੂੰ ਰੱਦ ਨਾ ਕਰੇ ।

**-ਪਰਗਟ ਸਿੰਘ ਬਲਬੇੜਾ, 9022000070**

# ਕੇਂਦਰੀ ਸਰਕਾਰ ਵਲੋਂ ਦੇਸ ਅੰਦਰ ਬਾਲ ਵਿਆਹ ਵਰਤਾਰੇ ਨੂੰ ਠੱਲ ਪਾਉਣ ਤੋਂ ਰੋਕਣ ਲਈ ਮੁਹਿੰਮ ਵਿੱਢਣ ਦਾ ਫੈਸਲਾ ਸਵਾਗਤਯੋਗ : ਪ੍ਰੋ. ਬਡੂੰਗਰ



**ਪਟਿਆਲਾ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕੇਂਦਰੀ ਸਰਕਾਰ ਵਲੋਂ ਸਾਰੀਆਂ ਰਾਜ ਸਰਕਾਰਾਂ ਅਤੇ ਕੇਂਦਰੀ ਬਾਲ ਭਾਈ ਵਿਭਾਗ ਨੂੰ ਦੇਸ ਅੰਦਰ ਵੱਧ ਰਹੇ ਬਾਲ ਵਿਆਹ ਵਰਤਾਰੇ ਨੂੰ ਠੱਲ ਪਾਉਣ ਤੋਂ ਰੋਕਣ ਲਈ ਇਕ ਮੁਹਿੰਮ ਵਿੱਢਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਉਹਨਾਂ ਕਿਹਾ ਕਿ ਭਾਵੇਂ ਬਾਲ ਵਿਆਹ ਰੋਕੂ ਕਨੂੰਨ ਤਾਂ 14 ਨਵੰਬਰ 1949 ਤੋਂ ਲਾਗੂ ਕੀਤਾ ਹੋਇਆ ਹੈ, ਪਰ ਇਸ ਉੱਤੇ ਕਦੀ ਚੰਗੀ ਤਰ੍ਹਾਂ ਅਮਲ ਨਹੀਂ ਕੀਤਾ ਗਿਆ ਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੇ ਵੀ ਕੋਈ ਬਹੁਤਾ ਉਪਰਾਲਾ ਨਹੀਂ ਕੀਤਾ। ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕੇਂਦਰੀ ਅਤੇ ਰਾਜ ਸਰਕਾਰਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਮਾਨਵ ਵਿਰੋਧੀ ਵਰਤਾਰੇ ਨੂੰ ਪੂਰੀ ਤਰ੍ਹਾਂ ਠੱਲ ਪਾਉਣ ਲਈ ਸਰਕਾਰਾਂ ਦੀਆਂ ਸੰਬੰਧਤ ਏਜੰਸੀਆਂ ਨੂੰ ਸਰਗਰਮ ਕਰਨ ਦੇ ਨਾਲ ਨਾਲ ਦੇਸ ਅੰਦਰ ਕਾਰਜਸ਼ੀਲ ਅਨੇਕਾਂ ਹੀ ਸਭਾ, ਸੁਸਾਇਟੀਆਂ, ਸਮਾਜਸੇਵੀ ਸੰਸਥਾਵਾਂ ਆਦਿ ਨੂੰ ਵੀ ਦੇਸ ਵਿਆਪੀ ਮੁਹਿੰਮ ਵਿਚ ਸਰਗਰਮੀ ਨਾਲ ਭੂਮਿਕਾ ਨਿਭਾਉਣ ਲਈ ਪ੍ਰੇਰਿਆ ਜਾਵੇ, ਤਾਂ ਹੀ ਇਕ ਲੋਕ ਲਹਿਰ ਬਣ ਸਕੇਗੀ। ਜਿਸ ਨਾਲ ਉਨ੍ਹਾਂ ਅਨੇਕਾਂ ਗਰੀਬ ਅਤੇ ਅਨਾਥ ਬੱਚੀਆਂ ਨੂੰ ਸਮਾਜਿਕ ਧੱਕੇ ਤੋਂ ਬਚਾਇਆ ਜਾ ਸਕੇਗਾ। ਸਾਡਾ ਸਮਾਜ ਇਸ ਕਲੰਕ ਤੋਂ ਸੁਰਖਰੂ ਹੋ ਸਕੇਗਾ।

# ਦਰਵੇਸ਼ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਗ੍ਰਿਫਤਾਰੀ ਕਰਕੇ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਵੰਗਾਰਿਆ-ਪ੍ਰਧਾਨ ਨੈਬ ਸਿੰਘ ਬਲਬੇੜਾ

### ਆਪਣੀਆਂ ਮੰਗਾਂ ਲਈ ਪੰਜਾਬ ਦੇ ਬਾਰਡਰਾਂ ਤੇ ਬੈਠੇ ਕਿਸਾਨ ਆਪਣੇ ਇਰਾਦਿਆਂ ਤੇ ਦ੍ਰਿੜ



**ਚੰਡੀਗੜ੍ਹ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਗ੍ਰਿਫਤਾਰੀ ਕਰਕੇ ਪੰਜਾਬ ਸਰਕਾਰ ਕੇਂਦਰ ਦੀ ਹਕੂਮਤ ਦੇ ਹੱਕ ਚ ਭੁਗਤ ਰਹੀ ਹੈ । ਆਪਣੀਆਂ ਮੰਗਾਂ ਲਈ ਪੰਜਾਬ ਦੇ ਬਾਰਡਰਾਂ ਤੇ ਬੈਠੇ ਕਿਸਾਨ ਆਪਣੇ ਇਰਾਦਿਆਂ ਤੇ ਦ੍ਰਿੜ ਹਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਪ੍ਰਧਾਨ ਨੈਬ ਸਿੰਘ ਬਲਬੇੜਾ ਨੇ ਕਿਹਾ ਕਿ ਪਿਛਲੇ ਦਿਨੀ ਖਨੌਰੀ ਬਾਰਡਰ ਤੋਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਗ੍ਰਿਫਤਾਰੀ ਕਰਕੇ ਪੰਜਾਬ ਸਰਕਾਰ ਕਿਸਾਨਾਂ ਦੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ । ਦਰਵੇਸ਼ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਗ੍ਰਿਫਤਾਰੀ ਕਰਕੇ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਵੰਗਾਰਿਆ ਹੈ । ਪੰਜਾਬ ਸਰਕਾਰ ਕੇਂਦਰ ਸਰਕਾਰ ਅੱਗੇ ਘੁਟਨੇ ਟੇਕ ਚੁੱਕੀ ਹੈ । ਸੰਘਰਸ਼ ਦੇ ਰਾਹ ਪਏ ਕਿਸਾਨਾਂ ਦੀ ਲੜਾਈ ਕੇਂਦਰ ਸਰਕਾਰ ਨਾਲ ਹੈ ਫਿਰ ਪੰਜਾਬ ਸਰਕਾਰ ਜਗਜੀਤ ਸਿੰਘ ਡੱਲੇਵਾਲ ਨੂੰ ਗ੍ਰਿਫਤਾਰ ਕਰਕੇ ਕਿਸਾਨਾਂ ਦੀ ਆਵਾਜ਼ ਨੂੰ ਕਿਉਂ ਦਵਾ ਰਹੀ ਹੈ । ਜਗਜੀਤ ਸਿੰਘ ਡੱਲੇਵਾਲ ਨੇ ਖਨੌਰੀ ਬਾਰਡਰ ਤੇ ਗ੍ਰਿਫਤਾਰੀ ਤੋਂ ਅਗਲੇ ਦਿਨ ਭੁੱਖ ਹੜਤਾਲ ਤੇ ਬੈਠਣਾ ਸੀ ਕਿਉਂਕਿ ਆਪਣੀਆਂ ਮੰਗਾਂ ਨੂੰ ਮਨਾਉਣ ਲਈ ਕੇਂਦਰ ਸਰਕਾਰ ਖਿਲਾਫ ਪਿਛਲੇ ਲੰਬੇ ਸਮੇਂ ਤੋਂ ਕਿਸਾਨ ਪੰਜਾਬ ਦੇ ਬਾਰਡਰਾਂ ਤੇ ਦਿੱਲੀ ਜਾਣ ਦੇ ਦ੍ਰਿੜ ਇਰਾਦਿਆਂ ਨਾਲ ਬੈਠੇ ਹਨ । ਪੰਜਾਬ ਸਰਕਾਰ ਇਸ ਤਰ੍ਹਾਂ ਦੀ ਕਾਰਵਾਈ ਕਰਕੇ ਪੰਜਾਬ ਦੇ ਬਾਰਡਰਾਂ ਤੇ ਚੱਲ ਰਹੇ ਕਿਸਾਨੀ ਸੰਘਰਸ਼ ਨੂੰ ਕਮਜ਼ੋਰ ਕਰਨ ਦੀਆਂ ਨਾਕਾਮਯਾਬ ਕੋਸ਼ਿਸ਼ਾਂ ਕਰ ਰਹੀ ਹੈ । ਅਸੀਂ ਪੰਜਾਬ ਸਰਕਾਰ ਨੂੰ ਚੇਤਾਵਨੀ ਦੇਣਾ ਚਾਹੁੰਦੇ ਹਾਂ ਕਿ ਬਿਨਾਂ ਸ਼ਰਤ ਪੰਜਾਬ ਸਰਕਾਰ ਜਗਜੀਤ ਸਿੰਘ ਡੱਲੇਵਾਲ ਨੂੰ ਰਿਹਾ ਕਰੇ।

## ਜਨ ਕਲਿਯਾਨ ਸੰਗਠਨ ਵੱਲੋਂ ਕਰਵਾਇਆ ' ਘਰੇਲੂ ਹਿੰਸਾ-ਕਾਰਨ ਅਤੇ ਨਿਵਾਰਣ'' ਜਾਗਰੂਕਤਾ ਪ੍ਰੋਗਰਾਮ




**ਚੌਕ ਮਹਿਤਾ, 28 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਜਨ ਕਲਿਯਾਨ ਸੰਗਠਨ ਅਤੇ ਫ੍ਰੀ ਪਰਿਵਾਰ ਪਰਾਮਰਸ਼ ਕੇਂਦਰ ਵੱਲੋਂ ਘਰੇਲੂ ਹਿੰਸਾ ਨਿਵਾਰਣ ਸੰਬੰਧੀ ਨਿਯਮਾਂ ਤੋਂ ਜਾਣੂ ਕਰਵਾਉਣ ਦੇ ਉਦੇਸ਼ ਨਾਲ ਘਰੇਲੂ ਹਿੰਸਾ ਪੀੜਤ ਮਕਬੂਲਪੁਰਾ ਇਲਾਕੇ ਵਿੱਚ ਮੌਜੂਦ ਸੀਨਿਅਰ ਫੋਰਮ ਵਿਧਾ ਮੰਦਰ ਵਿਖੇ "ਘਰੇਲੂ ਹਿੰਸਾ-ਕਾਰਨ ਅਤੇ ਨਿਵਾਰਣ" ਵਿਸ਼ੇ ਤੇ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਸਕੂਲ ਸੰਸਥਾਪਕ ਸਮਾਜ ਸੇਵੀ ਸ. ਅਜੀਤ ਸਿੰਘ ਅਤੇ ਮੁੱਖ ਅਧਿਆਪਿਕਾ ਸੀਮਾ ਅਰੋੜਾ ਦਾ ਵਿਸ਼ੇਸ਼ ਯੋਗਦਾਨ ਰਿਹਾ। ਦੋਨਾਂ ਸੰਸਥਾਵਾਂ ਦੀ ਡਾਇਰੈਕਟਰ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਮਹਿਲਾ ਦੀ ਸੁਰੱਖਿਆ ਦੇਸ਼ ਦੇ ਸਾਹਮਣੇ ਇੱਕ ਵੱਡੀ ਚੁਨੌਤੀ ਹੈ। ਅੱਜ ਔਰਤ ਮਾਨਸਿਕ ਅਤੇ ਸ਼ਾਰਿਰਕ ਹਿੰਸਾ ਦੀ ਸ਼ਿਕਾਰ ਹੈ। ਘਰੇਲੂ ਹਿੰਸਾ ਪੂਰੀ ਨਾਰੀ ਜਾਤੀ ਤੇ ਕਲੰਕ ਹੈ। ਘਰੇਲੂ ਹਿੰਸਾ ਅਧਿਨਿਯਮ-2005 ਪੀੜਤ ਮਹਿਲਾਂ ਦੇ ਲਈ ਰਾਮਬਾਨ ਹੈ। ਜਿਸ ਵਿੱਚ ਦੋਸ਼ੀ ਨੂੰ ਜੇਲ ਹੋ ਸਕਦੀ ਹੈ। ਸੀਮਾ ਅਰੋੜਾ, ਡਾਲੀ ਭਾਟਿਆ, ਜਿਲਾ ਲਾਇਬ੍ਰੇਰਿਅਨ ਡਾ. ਪ੍ਰਭਜੋਤ ਕੌਰ, ਇੰਦਰਾ ਧਵਨ, ਸੀਮਾ ਸ਼ਰਮਾ, ਵੀਨਾ ਮਹਾਜਨ, ਸੋਨਿਆ ਚੌਹਾਨ, ਸਨੇਹ ਅਰੋੜਾ, ਡਾ. ਇੰਦੂ ਵਰਮਾ, ਨਿਰਮਲ ਗੁਪਤਾ, ਗੀਤੂ ਅਰੋੜਾ ਨੇ ਕਿਹਾ ਕਿ ਆਦਮੀ ਪ੍ਰਧਾਨਤਾ ਦੀ ਭਾਵਨਾ, ਨਸ਼ਾ, ਅਨਪੜਤਾ, ਅਪਰਾਧ, ਸੰਸਕਾਰਹੀਨਤਾ, ਬੇਰੋਜਗਾਰੀ, ਦਾੱਜ ਆਦਿ ਘਰੇਲੂ ਹਿੰਸਾ ਦੇ ਕਾਰਨ ਹਨ। ਜਿਸ ਨੂੰ ਸੰਸਕਾਰੀ ਸਿੱਖਿਆ ਨਾਲ ਹੀ ਦੂਰ ਕੀਤਾ ਜਾ ਸਕਦਾ ਹੈ ਇਸ ਮੌਕੇ ਇੰਦਰਜੀਤ ਕੌਰ, ਰਿਚਾ ਸ਼ੁਕਲਾ, ਦਵਿੰਦਰ ਕੌਰ, ਸਰਬਜੀਤ ਕੌਰ, ਜੋਤੀ, ਅਮਰਪ੍ਰੀਤ, ਸੰਦੀਪ, ਗੋਰੀ, ਅਮਨਦੀਪ ਨੇ ਦੱਸਿਆ ਕਿ ਔਰਤਾਂ ਦੇ ਵਿਰੁਧ ਹਿੰਸਾ ਮੁੱਕਤ ਭਾਰਤ ਸਾਨੂੰ ਬਨਾਉਣਾ ਚਾਹੀਦਾ ਹੈ ਅਤੇ ਡਾ. ਸਵਰਾਜ ਗਰੋਵਰ ਨੇ ਸਾਰੇ ਮੈਂਬਰਾਂ ਨੂੰ ਘਰੇਲੂ ਹਿੰਸਾ ਪੀੜਤਾ ਨੂੰ ਨਿਆਂ ਦਿਵਾਉਣ ਦਾ ਸੰਕਲਪ ਦਿਵਾਇਆ।

# ਰਸਤਾ ਮੰਗਣ 'ਤੇ ਕੀਤਾ ਜਾਨਲੇਵਾ ਹਮਲਾ



**ਚੌਕ ਮਹਿਤਾ, 28 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰਜਿੰਦਰ ਸਿੰਘ ਵਾਸੀ ਸ਼ਹੀਦ ਊਧਮ ਸਿੰਘ ਨਗਰ ਗਲੀ ਨੰਬਰ 3 ਤਰਨ ਤਾਰਨ ਰੋਡ ਨੇ ਦੱਸਿਆ ਕਿ 22 ਨਵੰਬਰ ਦਿਨ ਸ਼ੁਕਰਵਾਰ ਨੂੰ ਆਪਣੇ ਕੰਮ ਦੇ ਸੰਬਧ ਵਿੱਚ ਗੁਰਦਆਰਾ ਸ਼ਹੀਦਾ ਸਾਹਿਬ ਦੇ ਸਾਹਮਣੇ ਤੋ ਪੈਸੇ ਲੈ ਕੇ ਆਪਣੇ ਘਰ ਵਾਪਿਸ ਆ ਰਿਹਾ ਸੀ ਗਲੀ ਨੰਬਰ 3 ਵਿੱਚ ਜਾਗੋ ਨਿਕਲ ਰਹੀ ਸੀ ਜਦੋਂ ਮੈ ਜਾਗੋ ਵਾਲਿਆ ਕੋਲੋ ਅੱਗੇ ਨਿਕਲਣ ਲਈ ਰਾਹ ਮੰਗਿਆ ਤਾਂ ਉੱਥੇ ਮੌਜੂਦ 20 ਤੋ 25 ਜਾਣਿਆ ਨੇ ਮੇਰੇ ਉੱਪਰ ਤੇਜਧਾਰ ਹਥਿਆਰਾਂ ਹਮਲਾ ਕਰਕੇ ਮੇਰੇ ਨਾਲ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ ਅਤੇ ਮੈਨੂੰ ਜਖਮੀ ਕਰ ਦਿੱਤਾ ਮੇਰੇ ਪਰਿਵਾਰਕ ਮੈਂਬਰਾਂ ਨੂੰ ਪਤਾ ਲੱਗਣ ਤੇ ਮੈਨੂੰ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਜੋਂ ਕਿ ਇਸ ਵੇਲੇ ਜੇਰੇ ਇਲਾਜ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਹੈ ਪੁਲਿਸ ਥਾਣਾ ਬੀ ਡਿਵੀਜ਼ਨ ਵਿਖੇ ਸ਼ਿਕਾਇਤ ਦਰਜ ਕਰਵਾਈ ਮਾਮਲੇ ਦੀ ਜਾਂਚ ਕਰ ਰਹੇ ਏ ਐਸ ਆਈ ਸਤਨਾਮ ਸਿੰਘ ਨੇ ਦੱਸਿਆ ਕਿ ਰਜਿੰਦਰ ਸਿੰਘ ਦੇ ਬਿਆਨ ਦਰਜ ਕਰ ਲਏ ਹਨ ਦੋਸ਼ੀਆਂ ਦੀ ਪਛਾਣ ਕਰਕੇ ਮੈਡੀਕਲ ਅਧਾਰ ਤੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ

# ਭਾਈ ਮਰਦਾਨਾ ਜੀ



ਭਾਈ ਰਬਾਬੀ ਮਰਦਾਨਾ ਜੀ , ਗੁਰੂ ਨਾਨਕ ਦੇ ਮੀਤ ਹੋ ਗਏ।
ਦੁਨੀਆਂ ਭਾਵੇਂ ਡੂਮ ਆਖਦੀ , ਸਤਗੁਰ ਲਈ ਸੰਗੀਤ ਹੋ ਗਏ।
ਸਾਰਾ ਜੀਵਨ ਸਾਥ ਨਿਭਾਇਆ,ਪ੍ਰੀਤਮ ਦੇ ਨਾਲ ਪ੍ਰੀਤ ਹੋ ਗਏ।
ਗੁਰਬਾਣੀ ਨੂੰ ਗਉਦੇ ਗਉਂਦੇ , ਆਪ ਇਲਾਹੀ ਗੀਤ ਹੋ ਗਏ।

ਡੂਮ ਪੈਂਦੀ ਸੀ ਸਾਰੀ ਵਾੜੀ , ਐਸੀ ਰਬਾਬ ਵਜਾਈ ਦੇਖੋ
ਗੁਰੂ ਵਾਂਗ ਹੀ ਅਮਰ ਹੋ ਗਏ , ਗੁਰੂ ਨਾਨਕ ਦੇ ਭਾਈ ਦੇਖੋ
ਸਿੱਖੀ ਦੀ ਸਭ ਤੋਂ ਹੀ ਮਹਿੰਗੀ , ਪਾਈ ਦਾਤ ਸਵਾਈ ਦੇਖੋ
ਸ਼ਬਦ ਸੁਰਤ ਦਾ ਮੇਲ ਹੋ ਗਿਆ , ਐਸੀ ਤਾਲ ਮਿਲਾਈ ਦੇਖੋ

ਸਤਗੁਰ ਸੰਗ ਭਾਈ ਮਰਦਾਨਾ , ਵਰ੍ਹਿਆਂ ਬੱਧੀ ਕਰਨ ਉਦਾਸੀ
ਵਰ੍ਹਿਆਂ ਬੱਧੀ ਰਹਿ ਦੌਰੇ 'ਤੇ , ਜੀਅ ਨਾ ਹੋਇਆ ਸੀ ਪ੍ਰਵਾਸੀ
ਵਲੀ ਕੰਧਾਰੀ ਜਏ ਹਮਲੇ ਹੋਏ , ਸਤਗੁਰ ਦਿੰਦੇ ਰਹੇ ਦਿਲਾਸੀ

ਭਾਈ ਮਰਦਾਨੇ ਦੇ ਚਿਹਰੇ 'ਤੇ , ਚੜ੍ਹਿਆ ਰੰਗ ਆਤਮ ਪ੍ਰਗਾਸੀ

ਬ੍ਰਾਹਮਣ, ਜੋਗੀ ਤੇ ਮੁੱਲਾਂ ਜੀ , ਦੇਖਦੇ ਰਹਿ ਗਏ ਸਾਥ ਨੂਰਾਨੀ
ਰੱਬ ਦੇ ਘਰ ਕੋਈ ਊਚ ਨੀਚ ਨਾ,ਉਹ ਕੀ ਜਾਨਣ ਰਾਜ਼ ਰੂਹਾਨੀ
ਧੰਨ ਗੁਰ ਨਾਨਕ ਜੀ ਦੀ ਗੁਰਮਤ,ਸਾਂਝੀ ਹੈ ਸਭ ਦੀ ਇਨਸਾਨੀ
ਗੁਰੂ ਜੀ ਦੀ ਕਿਰਪਾ ਦੇ ਨਾਲ , ਕਿਰਤੀ ਵੀ ਹੋ ਗਏ ਧੰਨਵਾਨੀ

ਭਾਈ ਮਰਦਾਨਾ ਜਏ ਸਿੱਖਾਂ ਦੀ , ਸਿੱਖੀ ਨੂੰ ਹੈ ਲੋੜ ਦੁਬਾਰਾ,
ਸਾਨੂੰ ਸਭ ਨੂੰ ਗਉਣਾ ਆਵੇ , ਗੁਰਸਿੱਖੀ ਦਾ ਰਾਗ ਨਿਆਰਾ
ਸੁਰ ਤਾਲ ਗੁਰਸ਼ਬਦੀ ਸੁਰਤੀ , ਕੁਦਰਤ ਵੀ ਦੇਵੇ ਹੁੰਗਾਰਾ
ਗੁਰਸਿੱਖਾਂ ਦੀਆਂ ਸਾਖੀਆਂ ਪੜ੍ਹ ਕੇ,ਢੇਸੀ ਹੋ ਜਾ ਸਿੱਖ ਨਿਆਰਾ।

**-ਕੁਲਵੰਤ ਸਿੰਘ ਢੇਸੀ**

## ਗੁਰੂ ਕਾਸ਼ੀ ਯੂਨੀਵਰਸਿਟੀ ਨੇ

# ਭਾਰਤੀ ਸੰਵਿਧਾਨ ਦਿਹਾੜਾ ਮਨਾਇਆ





**ਤਲਵੰਡੀ ਸਾਬੋ, 28 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਭਾਰਤੀ ਸੰਵਿਧਾਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਲਾਅ ਵੱਲੋਂ ਭਾਰਤੀ ਸੰਵਿਧਾਨ ਦਿਹਾੜੇ ਮੌਕੇ ਤਿੰਨ ਰੋਜ਼ਾ ਸਮਾਰੋਹਾਂ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਇਨਾਮ ਵੰਡ ਸਮਾਰੋਹ ਵਿੱਚ ਇਨਾਮ ਤਕਸੀਮ ਕਰਦੇ ਹੋਏ ਮੁੱਖ ਮਹਿਮਾਨ ਸ਼੍ਰੀ ਸੁਰੇਸ਼ ਗੋਇਲ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਬਠਿੰਡਾ ਤੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਨੇ ਵਿਦਿਆਰਥੀਆਂ ਨੂੰ ਭਾਰਤ ਦੇ ਸੰਵਿਧਾਨ ਵੱਲੋਂ ਨਾਗਰਿਕਾਂ ਨੂੰ ਦਿੱਤੇ ਗਏ ਅਧਿਕਾਰਾਂ ਅਤੇ ਕਰਤੱਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਰਹਿਣਾ ਪਵੇਗਾ ਤੇ ਉਨ੍ਹਾਂ ਇਹ ਵੀ ਕਿਹਾ ਕਿ ਆਪਣੇ ਕਰਤੱਵਾਂ ਦੀ ਪਾਲਣਾ ਕਰਨਾ ਵੀ ਦੇਸ਼ ਭਗਤੀ ਹੈ। ਉਨ੍ਹਾਂ ਆਰਥਿਕ ਪੱਖੋਂ ਕਮਜ਼ੋਰ ਵਰਗ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਦਿੱਤੀ ਜਾਂਦੀ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਤੇ ਵਰਸਿਟੀ ਵਿਖੇ ਚੱਲ ਰਹੇ ਲੀਗਲ ਏਡ ਸੈੱਲ ਬਾਰੇ ਵੀ ਚਾਨਣਾ ਪਾਇਆ। ਇਸ ਮੌਕੇ ਕਰਵਾਏ ਗਏ ਸੈਮੀਨਾਰ ਦੇ ਮੁੱਖ ਬੁਲਾਰੇ ਡਾ. ਪੁਨੀਤ ਪਾਠਕ ਸਕੂਲ ਆਫ਼ ਲਾਅ, ਸੈਂਟਰਲ ਯੂਨੀਵਰਸਿਟੀ ਪੰਜਾਬ, ਬਠਿੰਡਾ ਨੇ ਭਾਰਤੀ ਸੰਵਿਧਾਨ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥੀਆਂ ਨੂੰ ਇਸ ਦੇ ਪਿਛੋਕੜ, ਸਰੋਤਾਂ ਅਤੇ ਇਸ ਨੂੰ ਤਿਆਰ ਕਰਨ ਵਿੱਚ ਵੱਖ-ਵੱਖ ਵਿਦਵਾਨਾਂ ਤੇ ਸੰਵਿਧਾਨ ਮਾਹਿਰਾਂ ਵੱਲੋਂ ਪਾਏ ਗਏ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਤੇ 75 ਸਾਲਾਂ ਦੌਰਾਨ ਸੰਵਿਧਾਨ ਵਿੱਚ ਹੋਈਆਂ ਸੋਧਾਂ ਬਾਰੇ ਚਾਨਣਾ ਪਾਇਆ। ਵਿਸ਼ੇਸ਼ ਮਹਿਮਾਨ ਡਾ. ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਨੇ ਫੈਕਲਟੀ ਆਫ਼ ਲਾਅ ਦੇ ਆਯੋਜਨ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਵੱਖ-ਵੱਖ ਪਿੰਡਾਂ ਵਿੱਚ ਲੋੜਵੰਦਾਂ ਨੂੰ ਦਿੱਤੀ ਜਾਂਦੀ ਮੁਫਤ ਕਾਨੂੰਨੀ ਸਹਾਇਤਾ ਬਾਰੇ ਵੀ ਦੱਸਿਆ। ਉਨ੍ਹਾਂ ਸੰਵਿਧਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਦੇਸ਼ ਦੇ ਨਾਗਰਿਕਾਂ, ਸਮਾਜ ਦੀ ਖੁਸ਼ਹਾਲੀ ਅਤੇ ਸੁਖਾਂਵੇਂ ਜੀਵਨ ਲਈ ਨਿਯਮਾਂ ਦਾ ਹੋਣਾ ਜ਼ਰੂਰੀ ਹੈ ਤੇ ਉਨ੍ਹਾਂ ਦੀ ਪਾਲਣਾ ਕਰਨਾ ਹਰ ਨਾਗਰਿਕ ਦਾ ਪਹਿਲਾ ਕਰਤੱਵ ਹੈ। ਦੂਜੇ ਦਿਨ ਭਾਰਤੀ ਸੰਵਿਧਾਨ ਸੰਬੰਧੀ ਸਵਾਲ-ਜਵਾਬ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਫੈਕਲਟੀ ਆਫ਼ ਲਾਅ ਦੀ ਟੀਮ ਸੰਜੇ ਤੇ ਨਿਖਿਤ ਪਰਵੀਨ ਨੇ ਪਹਿਲਾ, ਅੰਕਿਤ ਕੁਮਾਰ ਤੇ ਮਨਜਿੰਦਰ ਸਿੰਘ ਦੀ ਟੀਮ ਨੇ ਦੂਜਾ ਸਥਾਨ ਹਾਸਿਲ ਕੀਤਾ। ਭਾਰਤ ਸੰਵਿਧਾਨ ਵਿਸ਼ੇ 'ਤੇ ਕਰਵਾਏ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਦੀਪਿਕਾ ਦੇ ਪੋਸਟਰ ਨੇ ਪਹਿਲਾ, ਰੁਪਮੀ ਕ੍ਰਿਸ਼ਨਾ ਦੇ ਪੋਸਟਰ ਨੇ ਦੂਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਫੈਕਲਟੀ ਆਫ਼ ਲਾਅ ਦੇ ਡੀਨ ਡਾ. ਗੁਰਪ੍ਰੀਤ ਕੌਰ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਸੰਵਿਧਾਨ ਦੀਆਂ ਵਿਸ਼ੇਸ਼ਤਾਵਾਂ ਤੇ ਇਸ ਸੰਬੰਧੀ ਰੋਚਕ ਤੱਥਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਇਸ ਮੌਕੇ ਵੱਖ-ਵੱਖ ਦੇਸ਼ਾਂ ਤੇ ਰਾਜਾਂ ਦੇ ਵਿਦਿਆਰਥੀਆਂ ਵੱਲੋਂ ਖੂਬਸੂਰਤ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਪੰਜਾਬੀ ਲੋਕ ਨਾਚ ਗਿੱਧੇ ਤੇ ਭੰਗੜੇ ਨੇ ਦਰਸ਼ਕਾਂ ਦੀ ਖੂਬ ਵਾਹ-ਵਾਹ ਖੱਟੀ। ਆਯੋਜਕਾਂ ਵੱਲੋਂ ਮੁੱਖ ਮਹਿਮਾਨ, ਮੁੱਖ ਬੁਲਾਰੇ ਨੂੰ ਯਾਦਾਸ਼ਤ ਚਿੰਨ੍ਹ ਤੇ ਜੇਤੂਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ।

# "ਨੈਸ਼ਨਲ ਡੀ-ਵਾਰਮਿੰਗ ਡੇ" ਸਬੰਧੀ ਜ਼ਿਲ੍ਹਾ ਪੱਧਰੀ ਮੁਹਿੰਮ ਦੀ ਸ਼ੁਰੂਆਤ ਸਿਵਲ ਸਰਜਨ ਵਲੋਂ ਬੱਚਿਆਂ ਨੂੰ ਐਲਬੇਂਡਾਜੋਲ ਦੀ ਗੋਲੀ ਖੁਆ ਕੇ ਕੀਤੀ




**ਚੌਕ ਮਹਿਤਾ, 28 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਵਲੋਂ ਨੈਸ਼ਨਲ ਡੀ-ਵਾਰਮਿੰਗ ਡੇ ਸਬੰਧੀ ਜ਼ਿਲ੍ਹਾ ਪੱਧਰੀ ਮੁਹਿੰਮ ਦੀ ਸ਼ੁਰੂਆਤ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਸਰਕਾਰੀ ਕਨਿੰਆਂ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਜੀ ਵਿਖੇ ਸਕੂਲ ਦੀਆਂ ਬੱਚੀਆਂ ਨੂੰ ਐਲਬੇਂਡਾਜੋਲ ਦੀ ਗੋਲੀ ਖੁਆ ਕੇ ਕੀਤੀ ਗਈ। ਇਸ ਅਵਸਰ ਤੇ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਨੇ ਕਿਹਾ ਕਿ ਬੱਚਿਆਂ ਦੇ ਪੇਟ ਵਿਚ ਕੀੜੇ ਆਮ ਰੋਗ ਹੈ, ਪਰ ਜੇਕਰ ਇਸ ਦਾ ਸਮੇ ਸਿਰ ਇਲਾਜ ਨਾ ਕੀਤਾ ਜਾਵੇ ਤਾਂ ਇਹ ਰੋਗ ਹੋਰ ਕਈ ਬੀਮਾਰੀਆ ਦਾ ਰੂਪ ਲੈ ਸਕਦਾ ਹੈ, ਜਿਵੇਂ ਕਿ ਅਨੀਮੀਆਂ, ਕੁਪੋਸ਼ਨ, ਕਮਜੋਰੀ, ਸ਼ਰੀਰਕ ਅਤੇ ਮਾਨਸਿਕ ਵਿਕਾਸ ਵਿਚ ਕਮੀਂ ਆਦਿ। ਇਸ ਲਈ ਅੱਜ ਦੇ ਦਿਨ ਪੂਰੇ ਭਾਰਤ ਭਰ ਵਿਚ ਇਹ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਜਿਲਾ ਅੰਮ੍ਰਿਤਸਰ ਵਿਚ ਵੀ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲ਼ਾਂ ਦੇ ਬੱਚਿਆਂ ਤੋਂ ਇਲਾਵਾ ਘਰਾਂ ਵਿਚ ਵੀ ਪੈਰਾਮੈਡੀਕਲ ਸਟਾਫ ਵਲੋਂ ਲਬੇਂਡਾਜੋਲ ਦੀ ਗੋਲੀ ਖੁਆਈ ਜਾ ਰਹੀ ਹੈ। ਉਹਨਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮੁਹਿੰਮ ਦਾ ਪੂਰਾ ਲਾਭ ਲੈਣ ਅਤੇ ਆਪਣੇ 1 ਤੋਂ ਲੈਕੇ 19 ਸਾਲਾਂ ਤੱਕ ਦੇ ਸਾਰੇ ਬੱਚਿਆਂ ਨੂੰ ਐਲਬੇਂਡਇਾਜੋਲ ਦੀ ਗੋਲੀ ਜਰੂਰ ਖੁਆਉਣ ਅਤੇ ਜਿਹੜੇ ਬੱਚੇ ਅੱਜ ਰਹਿ ਜਾਣਗੇ ਉਨਾ ਨੂੰ ਮੋਪ ਅੱਪ ਦਿਵਸ 5 ਦਸੰਬਰ 2024 ਨੂੰ ਐਲਬੇਂਡਾਜੋਲ ਦੀਆਂ ਗੋਲੀਆਂ ਖੁਆਈਆਂ ਜਾਣਗੀਆਂ। ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਨੇ ਇਸ ਅਵਸਰ ਤੇ ਸੰਬੋਧਨ ਕਰਦਿਆਂ ਕਿਹਾ ਕਿ ਜਿਲ੍ਹਾ ਪ੍ਰਸ਼ਾਸਣ ਵਲੋਂ "ਨੈਸ਼ਨਲ ਡੀ ਵਾਰਮਿੰਗ ਡੇਅ" ਦੀ ਕਾਮਯਾਬੀ ਲਈ ਇਕ ਦਿਨ ਪਹਿਲਾਂ ਹੀ ਜਿਲਾ੍ ਟਾਸਕ ਫੋਰਸ ਦੀ ਮੀਟਿੰਗ ਕਰਕੇ ਜਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ ਸਨ ਅਤੇ ਜਿਲ੍ਹਾ ਅੰਮ੍ਰਿਤਸਰ ਦੇ 1306 ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾ ਵਿੱਚ ਲਗਭਗ 2,26,000 ਬੱਚੇ 885 ਪ੍ਰਾਈਵੇਟ ਸਕੂਲਾ ਵਿਚ ਲਗਭਗ 3,18000 ਬਚੇ ਅਤੇ 1851 ਆਂਗਨਵਾੜੀ ਸੈਟਰਾਂ ਵਿੱਚ ਲਗਭਗ 1,70,000 ਬੱਚਿਆਂ ਨੂੰ ਕਵਰ ਕੀਤਾ ਜਾਵੇਗਾ।ਇਸਤੋਂ ਇਲਾਵਾ ਉਹਨਾਂ ਨੇ "ਨੈਸ਼ਨਲ ਡੀ ਵਾਰਮਿੰਗ ਡੇਅ" ਦੀ ਮੱਹਤਤਾ ਬਾਰੇ ਬੜੇ ਹੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਤੇ ਸਕੂਲ ਹੈਲਥ ਮੈਡੀਕਲ ਅਫਸਰ ਡਾ ਸੁਨੀਤ ਗੁਰਮ ਗੁਪਤਾ ਨੇ ਕਿਹਾ ਸਾਨੂੰ ਸਿਹਤਮੰਦ ਆਦਤਾਂ ਅਤੇ ਪੌਸ਼ਿਟਕ ਆਹਾਰ ਵੱਲ ਵਧੇਰੇ ਧਿਆਨ ਦੇਣਾਂ ਚਾਹੀਦਾ ਹੈ ਅਤੇ ਬਾਜਾਰੀ ਚੀਜਾਂ ਦੀ ਬਜਾਏ ਘਰ ਵਿਚ ਬਣੇ ਸਾਫ-ਸੁਥਰੇ ਪੌਸ਼ਿਟਕ ਭੋਜਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ ਨੇ ਇਸ ਅਵਸਰ ਤੇ ਕਿਹਾ ਕਿ ਸਾਨੂੰ ਖਾਣਾ ਖਾਣ ਤੋ ਪਹਿਲਾ ਤੇ ਪਾਖਾਨਾ ਜਾਣ ਤੋ ਬਾਦ ਹੱਥ ਜਰੂਰ ਧੋਣੇ ਚਾਹੀਦੇ ਹਨ ਅਤੇ ਸ਼ਰੀਰਕ ਸਾਫ ਸਫਾਈ ਦਾ ਧਿਆਨ ਰੱਖਣਾਂ ਚਾਹੀਦਾ ਹੈ। ਇਸ ਮੌਕੇ ਪਿੰਸੀਪਲ ਮੈਡਮ ਸੋਨੀਆ ਰੰਧਾਵਾ, ਵਾਈਸ ਪ੍ਰਿੰਸੀਪਲ ਸ੍ਰ ਰਾਮ ਸਰੂਪ ਸਿੰਘ, ਮੈਡਮ ਰੇਨੂ ਕਪੂਰ, ਸਕੂਲ ਹੈਲਥ ਟੀਮ ਡਾ ਅੰਜੂ , ਡਾ ਪਰਵੀਨ ਭਾਟੀਆ, ਲਵਪ੍ਰੀਤ ਸਿੰਘ, ਕੇਵਲ ਸਿੰਘ, ਰਸ਼ਪਾਲ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

# ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਵੱਲੋਂ ਜ਼ਿਲ੍ਹਾ ਸੰਗਰੂਰ ਵਿੱਚ ਫਲ, ਸਬਜ਼ੀਆਂ, ਫੁੱਲਾਂ ਅਤੇ ਖੁੰਬਾਂ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਦੀ ਹਦਾਇਤ

## ਸਮੀਖਿਆ ਮੀਟਿੰਗ ਦੌਰਾਨ ਬਾਗਬਾਨੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਖੇਤੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾਂਦੇ ਯਤਨਾਂ ਅਧੀਨ ਬਾਗਬਾਨੀ ਵਿਭਾਗ ਵੱਲੋਂ ਮਹਿੰਦਰ ਭਗਤ ਬਾਗਬਾਨੀ ਮੰਤਰੀ, ਪੰਜਾਬ ਦੀ ਅਗਵਾਈ ਅਤੇ ਸ਼੍ਰੀਮਤੀ ਸੈਲਿੰਦਰ ਕੌਰ ਡਾਇਰੈਕਟਰ ਬਾਗਬਾਨੀ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਫਲ, ਸਬਜ਼ੀਆਂ, ਫੁੱਲਾਂ ਅਤੇ ਖੁੰਬਾਂ ਦੀ ਖੇਤੀ ਲਈ ਵਿਭਾਗ ਦੀਆਂ ਸਕੀਮਾਂ ਨੂੰ ਵੱਧ ਤੋਂ ਵੱਧ ਬਾਗਬਾਨੀ ਕਿੱਤੇ ਨਾਲ ਜੁੜੇ ਕਿਸਾਨਾਂ ਤੱਕ ਪਹੁੰਚਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਤਹਿਤ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਵੱਲੋਂ ਵਿਕਾਸ ਸਕੀਮਾਂ ਸਬੰਧੀ ਮੀਟਿੰਗ ਵਿੱਚ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਬਾਗਬਾਨੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹਾ ਸੰਗਰੂਰ ਵਿੱਚ ਫਲ, ਸਬਜ਼ੀਆਂ, ਫੁੱਲਾਂ ਅਤੇ ਖੁੰਬਾਂ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਬਾਗਬਾਨਾਂ ਅਤੇ ਵਿਸ਼ੇਸ਼ ਕਰਕੇ ਨੌਜਵਾਨ ਪੀੜੀ ਨੂੰ ਪ੍ਰੇਰਿਤ ਕੀਤਾ ਜਾਵੇ। ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਦੱਸਿਆ ਕਿ ਬਾਗਬਾਨੀ ਵਿਭਾਗ ਵੱਲੋਂ ਮੁੱਖ ਤੌਰ ਤੇ ਬਾਗਬਾਨੀ ਮਿਸ਼ਨ ਸਕੀਮ ਅਧੀਨ ਨਵਾਂ ਬਾਗ ਲਗਾਉਣ ਲਈ, ਪੁਰਾਣੇ ਬਾਗਾਂ ਨੂੰ ਮੁੜ ਸੁਰਜੀਤ ਕਰਨ ਲਈ, ਫੁੱਲ ਅਤੇ ਸਬਜ਼ੀਆਂ ਦੀ ਖੇਤੀ ਲਈ, ਪੌਲੀ ਹਾਊਸ/ਸ਼ੇਡ ਨੈੱਟ ਹਾਊਸ ਲਈ, ਵਰਮੀ ਕੰਪੋਸਟ ਯੂਨਿਟ ਲਗਾਉਣ ਲਈ 40% ਤੋਂ 50% ਸਬਸਿਡੀ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਸਹਾਇਕ ਧੰਦੇ ਜਿਵੇਂ ਕਿ ਸ਼ਿਹਦ ਦੀਆਂ ਮੱਖੀ ਪਾਲਣ ਲਈ 1600/- ਰੁਪਏ ਪ੍ਰਤੀ ਬਕਸਾ ਸਮੇਤ 8 ਫਰੇਮ ਮੱਖੀ, ਖੁੰਬ ਪੈਦਾ ਕਰਨ ਲਈ, ਖੁੰਬਾਂ ਦਾ ਬੀਜ ਤਿਆਰ ਕਰਨ ਲਈ, ਕੰਪੋਸਟ ਲਗਾਉਣ ਲਈ, ਬਾਗਬਾਨੀ ਮਸ਼ੀਨਰੀ ਜਿਵੇਂ ਟਰੈਕਟਰ 20 ਐਚ.ਪੀ, ਪਾਵਰ ਟਿੱਲਰ, ਸਪਰੇ ਪੰਪ ਤੇ 40% ਸਬਸਿਡੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਫਲ,ਸਬਜੀਆਂ ਦੀ ਤੋੜਾਈ ਤੋਂ ਬਾਅਦ ਸਾਂਭ-ਸੰਭਾਲ ਅਤੇ ਪੈਕਿੰਗ ਲਈ ਪੈਕ ਹਾਊਸ ਬਣਾਉਣ ਲਈ 2 ਲੱਖ ਰੁਪਏ ਸਬਸਿਡੀ, ਕੋਲਡ ਸਟੋਰ ਤੇ ਰਾਈਪਨਿੰਗ ਚੈਂਬਰ ਬਣਾਉਣ ਲਈ 35% ਸਬਸਿਡੀ ਦਿੱਤੀ ਜਾ ਰਹੀਂ ਹੈ। ਇਸ ਸਬੰਧੀ ਨਿਰਵੰਤ ਸਿੰਘ ਡਿਪਟੀ ਡਾਇਰੈਕਟਰ ਬਾਗਬਾਨੀ ਨੇ ਦੱਸਿਆ ਕਿ ਇਨ੍ਹਾਂ ਮੌਜੂਦਾ ਸਕੀਮਾਂ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਕੁਝ ਨਵੀਆਂ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਹਨ ਜਿਨ੍ਹਾਂ ਵਿੱਚ ਬਾਗਬਾਨ ਸਬਸਿਡੀ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਬਾਗਾਂ ਅਧੀਨ ਰਕਬਾ ਵਧਾਉਣ ਲਈ ਤੁਪਕਾ ਸਿੰਚਾਈ ਅਧੀਨ ਨਵੇਂ ਬਾਗ ਲਗਾਉਣ ਤੇ 10000/- ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਇਨਸੈਂਟਿਵ ਦਿੱਤਾ ਜਾਵੇਗਾ। ਉਨ੍ਹਾਂ ਨੇ ਵਿਸ਼ੇਸ਼ ਤੌਰ ਤੇ ਦੱਸਿਆ ਕਿ ਬਾਗਬਾਨ ਮਾਇਕਰੋ ਇਰੀਗੇਸ਼ਨ ਸਕੀਮ ਅਧੀਨ ਸਬਸਿਡੀ ਲੈਣ ਤੋਂ ਬਾਅਦ ਵੀ ਇਸ ਇੰਨਸੈਂਟਿਵ ਦਾ ਲਾਭ ਲੈ ਸਕਦੇ ਹਨ ਅਤੇ ਇਸ ਇਨਸੈਂਟਿਵ ਲਈ ਨਵੇਂ ਬਾਗ ਅਧੀਨ ਰਕਬੇ ਦੀ ਵੱਧ ਤੋਂ ਵੱਧ ਕੋਈ ਸੀਮਾਂ ਨਹੀਂ ਰੱਖੀ ਗਈ ਹੈ। ਦੂਜੀ ਨਵੀਂ ਸਕੀਮ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਜਿਨ੍ਹਾਂ ਜਿਮੀਦਾਰਾਂ ਵੱਲੋਂ ਸੁਰੱਖਿਤ ਖੇਤੀ ਤਹਿਤ ਪੋਲੀ ਹਾਊਸ ਅਧੀਨ ਹਾਈ ਵੈਲਯੂ ਸਬਜੀਆਂ ਜਾਂ ਫੁੱਲਾਂ ਦੀ ਕਾਸ਼ਤ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦੇ ਪੋਲੀ ਹਾਊਸ ਦੀ ਸ਼ੀਟ ਫੱਟ ਚੁੱਕੀ ਹੈ, ਅਤੇ ਚਾਰ ਸਾਲ ਤੋਂ ਜਿਆਦਾ ਪੁਰਾਣੇ ਹਨ, ਉਨ੍ਹਾਂ ਜਿਮੀਦਾਰਾਂ ਨੂੰ ਸ਼ੀਟ ਬਦਲਾਉਣ ਲਈ ਕੁੱਲ ਖਰਚੇ ਤੇ 50 ਫੀਸਦੀ ਸਬਸਿਡੀ ਜਾਰੀ ਕੀਤੀ ਜਾਵੇਗੀ। ਇਸ ਦੇ ਨਾਲ ਹੀ ਸਰਕਾਰ ਵੱਲੋਂ ਫਲਾਂ ਅਤੇ ਸਬਜੀਆਂ ਦੇ ਮੰਡੀਕਰਣ ਲਈ ਵੀ ਜਿਮੀਦਾਰਾਂ ਨੂੰ ਕਰੇਟਾਂ ਅਤੇ ਡੱਬਿਆਂ ਤੇ 50 ਫੀਸਦੀ ਸਬਸਿਡੀ ਦੇਣ ਦੀ ਸਕੀਮ ਨਵੀਂ ਸ਼ੁਰੂ ਕੀਤੀ ਗਈ ਹੈ ਅਤੇ ਫੁੱਲਾਂ ਦੇ ਬੀਜ ਪੈਦਾਵਾਰ ਲਈ ਵੀ ਬਾਗਬਾਨੀ ਵਿਭਾਗ ਵੱਲੋਂ ਕਿਸਾਨਾਂ ਨੂੰ 40 ਫੀਸਦੀ ਦੇ ਹਿਸਾਬ ਨਾਲ ਪ੍ਰਤੀ ਏਕੜ 14000/- ਰੁਪਏ ਸਬਸਿਡੀ ਦੀ ਸਹੂਲਤ ਹੈ।

ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ ਤਾਂ ਜੋ ਬਾਗਬਾਨੀ ਖੇਤਰ ਨੂੰ ਅੱਗੇ ਲਿਜਾਇਆ ਜਾ ਸਕੇ ਅਤੇ ਖੇਤੀ ਵਿਭਿੰਨਤਾ ਰਾਹੀਂ ਕਣਕ ਝੋਨੇ ਦੇ ਰਵਾਇਤੀ ਚੱਕਰ ਵਿੱਚੋਂ ਕਿਸਾਨਾਂ ਨੂੰ ਬਾਹਰ ਕੱਢਿਆ ਜਾ ਸਕੇ। ਇਹਨਾਂ ਸਕੀਮਾਂ ਸਬੰਧੀ ਵਧੇਰੇ ਜਾਣਕਾਰੀ ਲਈ ਆਪਣੇ ਬਲਾਕਾਂ ਦੇ ਸਬੰਧਤ ਬਾਗਬਾਨੀ ਵਿਕਾਸ ਅਫਸਰਾਂ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ।

### ਤਖਤ ਪਟਨਾ ਸਾਹਿਬ ਵਿੱਚ ਸੰਗਤ ਦੀ ਸੁਵਿਧਾ ਲਈ

# ਪੰਜਾਬ ਨੇਸ਼ਨਲ ਬੈਂਕ ਦੁਆਰਾ ਬੱਸ ਕੀਤੀ ਗਈ ਭੇਟ



**ਨਵੀਂ ਦਿੱਲੀ, 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**- ਤਖਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿੱਚ ਸੰਗਤ ਦੀ ਸੁਵਿਧਾ ਲਈ ਪੰਜਾਬ ਨੇਸ਼ਨਲ ਬੈਂਕ ਦੁਆਰਾ ਸੀਐਸਆਰ ਅਧੀਨ ਵਾਤਾਨਕੂਲਿਤ ਬੱਸ ਭੇਟ ਕੀਤੀ ਗਈ। ਬੈਂਕ ਦੇ ਚੇਅਰਮੈਨ ਅਤੁਲ ਕੁਮਾਰ ਗੋਯਲ ਨੇ ਪਹੁੰਚ ਕੇ ਬੱਸ ਦੀ ਚਾਬੀ ਪ੍ਰਬੰਧਕਾਂ ਨੂੰ ਭੇਟ ਕੀਤੀ। ਤਖਤ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਦੁਆਰਾ ਅਰਦਾਸ ਕੀਤੀ ਗਈ ਅਤੇ ਐਡੀਸ਼ਨਲ ਹੈਡ ਗ੍ਰੰਥੀ ਗਿਆਨੀ ਦਲੀਪ ਸਿੰਘ ਦੁਆਰਾ ਸਿਰੋਪਾ ਭੇਟ ਕੀਤਾ ਗਿਆ।

ਤਖਤ ਸਾਹਿਬ ਦੇ ਅਧਿਐਕ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਪ੍ਰਬੰਧਕਾਂ ਦੀ ਮੰਗ 'ਤੇ ਪੰਜਾਬ ਨੇਸ਼ਨਲ ਬੈਂਕ ਦੁਆਰਾ ਸੀਐਸਆਰ ਅਧੀਨ ਵਾਤਾਨਕੂਲਿਤ ਬੱਸ ਤਖਤ ਸਾਹਿਬ ਨੂੰ ਭੇਟ ਕੀਤੀ ਗਈ ਹੈ ਜਿਸ ਨਾਲ ਸੰਗਤ ਨੂੰ ਦਰਸ਼ਨਾਂ ਲਈ ਕਾਫੀ ਫਾਇਦਾ ਹੋਵੇਗਾ। ਉਨ੍ਹਾਂ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਵੱਖ-ਵੱਖ ਬੈਂਕਾਂ ਦੁਆਰਾ ਬੱਸਾਂ, ਜਨਰੇਟਰ ਅਤੇ ਹੋਰ ਕਈ ਤਰਾਂ ਦਾ ਸਾਮਾਨ ਸੀਐਸਆਰ ਅਧੀਨ ਤਖਤ ਸਾਹਿਬ ਨੂੰ ਭੇਟ ਕੀਤਾ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਰਿਲਾਇੰਸ ਕੰਪਨੀ ਦੁਆਰਾ ਵੀ ਇੱਕ ਬੱਸ ਤਖਤ ਸਾਹਿਬ ਨੂੰ ਭੇਟ ਕੀਤੀ ਜਾਣੀ ਹੈ।

ਸਹਿ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਅੱਜ ਬੈਂਕ ਦੇ ਚੇਅਰਮੈਨ ਅਤੁਲ ਕੁਮਾਰ ਗੋਯਲ ਆਪਣੀ ਪੂਰੀ ਟੀਮ ਦੇ ਨਾਲ ਤਖਤ ਸਾਹਿਬ ਪਹੁੰਚੇ। ਲੰਗਰ ਪ੍ਰਸਾਦੀ ਗ੍ਰਹਿਣ ਕਰਨ ਤੋਂ ਬਾਅਦ ਤਖਤ ਸਾਹਿਬ ਪਹੁੰਚ ਕੇ ਗੁਰੂ ਮਹਾਰਾਜ ਦੇ ਦਰਸ਼ਨ ਕੀਤੇ, ਕੀਰਤਨ ਸ਼ਰਵਣ ਕੀਤਾ। ਤਖਤ ਸਾਹਿਬ ਕਮੇਟੀ ਦੇ ਅਧਿਐਕ ਜਗਜੋਤ ਸਿੰਘ ਸੋਹੀ, ਉਪ ਅਧਿਐਕ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ, ਸਦੱਸ ਮਹਿੰਦਰਪਾਲ ਸਿੰਘ ਢਿੱਲੋ, ਹਰਪਾਲ ਸਿੰਘ ਜੋਹਲ, ਮੀਡੀਆ ਪ੍ਰਭਾਰੀ ਸੁਦੀਪ ਸਿੰਘ, ਦਮਨਦੀਪ ਸਿੰਘ ਰਾਨੂ, ਸੁਪਰਿੰਟੈਂਡੈਂਟ ਦਲਜੀਤ ਸਿੰਘ, ਮੈਨੇਜਰ ਹਰਜੀਤ ਸਿੰਘ ਦੁਆਰਾ ਸ਼ਾਲ, ਸਮ੍ਰਿਤੀ ਚਿਨ੍ਹ, ਅਤੇ ਕ੍ਰਿਪਾਨ ਭੇਟ ਕੀਤੇ ਗਏ।

### ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ 'ਚ

# ਮਾਸ ਕੌਂਸਲਿੰਗ ਤਹਿਤ ਸੈਮੀਨਾਰ ਆਯੋਜਿਤ







**ਤਲਵੰਡੀ ਸਾਬੋ, 28 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਜ਼ਿਲ੍ਹੇ ਦੇ ਨੌਜਵਾਨਾਂ ਦੇ ਉਜਵੱਲ ਭਵਿੱਖ ਤੇ ਉਨ੍ਹਾਂ ਨੂੰ ਸਵੈ ਰੋਜਗਾਰ ਦੇ ਕਾਬਿਲ ਬਣਾਉਣ ਲਈ ਲਗਾਤਾਰ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਜ਼ਿਲ੍ਹਾ ਸਿਖਿਆ ਵਿਭਾਗ ਦੇ ਸਹਿਯੋਗ ਨਾਲ ਵੱਖ-ਵੱਖ ਸਕੂਲਾਂ ਵਿਖੇ ਮਾਸ ਕੌਂਸਲਿੰਗ ਤਹਿਤ ਸੈਮੀਨਾਰਾਂ ਦਾ ਆਯੋਜਨ ਕੀਤਾ ਗਿਆ। ਇਹ ਜਾਣਕਾਰੀ ਡਿਪਟੀ ਡਾਇਰੈਕਟਰ ਸ਼੍ਰੀਮਤੀ ਪਰਮਿੰਦਰ ਕੌਰ ਨੇ ਸਾਂਝੀ ਕੀਤੀ। ਡਿਪਟੀ ਡਾਇਰੈਕਟਰ ਨੇ ਅੱਗੇ ਦੱਸਿਆ ਕਿ ਇਸ ਪ੍ਰੋਗਰਾਮ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੌੜ ਮੰਡੀ, ਭੁੱਚੋ ਮੰਡੀ, ਤਲਵੰਡੀ ਸਾਬੋ, ਘੁੱਦਾ, ਕਾਲਝਰਾਣੀ, ਰਾਮਨਗਰ, ਮਾਈਸਰਖਾਨਾ, ਜੈ ਸਿੰਘ ਵਾਲਾ, ਭਗਤਾ ਭਾਈਕਾ ਆਦਿ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਦਸਵੀਂ, ਬਾਰਵੀਂ ਤੋਂ ਬਾਅਦ ਕਿਸ ਤਰ੍ਹਾਂ ਦੇ ਕੋਰਸਾਂ ਦੀ ਚੋਣ ਕੀਤੀ ਜਾਵੇ, ਬਾਰੇ ਜਾਣਕਾਰੀ ਮੁਹੱਇਆ ਕਰਵਾਈ ਗਈ। ਇਸ ਮੌਕੇ ਸਿੱਖਿਆ ਵਿਭਾਗ ਤੋਂ ਗਾਈਡੈਂਸ ਕੌਸ਼ਲਰ ਸ਼੍ਰੀ ਰਾਜਵੀਰ ਔਲਖ ਵੱਲੋਂ ਸਿੱਖਿਆ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਦੀ ਜਾਣਕਾਰੀ ਬਾਰੇ ਵਿਦਿਆਰਥੀਆਂ ਨੂੰ ਜਾਣੂੰ ਕਰਵਾਇਆ ਗਿਆ। ਰੋਜਗਾਰ ਅਫ਼ਸਰ ਸ਼੍ਰੀਮਤੀ ਅੰਕਿਤਾ ਅਗਰਵਾਲ ਵੱਲੋਂ ਜਿਲ੍ਹਾ ਰੋਜਗਾਰ ਦਫਤਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਜਿਵੇਂ ਕਿ ਪਲੇਸਮੈਂਟ ਕੈਂਪ, ਸਵੈ-ਰੋਜਗਾਰ ਕੈਂਪ, ਰਜਿਸਟ੍ਰੇਸ਼ਨ ਆਦਿ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਪ੍ਰਬੰਧਕੀ ਸ਼ਾਖਾ ਤੋਂ ਸ਼੍ਰੀ ਬਲਤੇਜ ਸਿੰਘ ਵੱਲੋਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਸਰਕਾਰੀ ਨੌਕਰੀਆਂ ਲਈ ਲਏ ਜਾਂਦੇ ਵੱਖ-ਵੱਖ ਟੈਸਟਾਂ ਬਾਰੇ ਵਿਦਿਆਰਥੀਆਂ ਨੂੰ ਗਾਈਡੈਂਸ ਮੁਹੱਈਆ ਕਰਵਾਈ ਗਈ। ਸੀ-ਪਾਈਟ ਸੈਂਟਰ ਕਾਲਝਰਾਣੀ ਤੋਂ ਸੈਂਟਰ ਹੈੱਡ ਸ਼੍ਰੀ ਲਖਵਿੰਦਰ ਸਿੰਘ ਵੱਲੋਂ ਪੁਲਿਸ ਅਤੇ ਆਰਮੀ ਦੀ ਭਰਤੀ ਸਬੰਧੀ ਵਿਦਿਆਰਥੀਆਂ ਨੂੰ ਫਿਜ਼ੀਕਲ ਟ੍ਰੇਨਿੰਗ ਅਤੇ ਲਿਖਤੀ ਟੈਸਟਾਂ ਸਬੰਧੀ ਜਾਣਕਾਰੀ ਮੁਹੱਇਆ ਕਰਵਾਈ ਗਈ। ਇਸ ਮੌਕੇ ਆਈ.ਐਚ.ਐਮ. ਬਠਿੰਡਾ ਤੋਂ ਪ੍ਰਿੰਸੀਪਲ ਸ਼੍ਰੀਮਤੀ ਰਾਜਨਿਤ ਕੋਹਲੀ ਅਤੇ ਸ਼੍ਰੀਮਤੀ ਗੀਤੂ ਗਰਗ ਨੇ ਹੋਟਲ ਮੈਨਜਮੈਂਟ ਸਬੰਧੀ ਵੱਖ-ਵੱਖ ਕੋਰਸਾਂ ਜਿਵੇਂ ਕਿ ਬੇਕਰੀ, ਕੁੱਕ ਤੰਦੂਰ, ਬਾਰਮੈਨ, ਹੋਮ ਸਟੇਅ ਆਦਿ ਬਾਰੇ ਵਿਦਿਆਰਥੀਆਂ ਨੂੰ ਗਾਈਡ ਕੀਤਾ ਗਿਆ। ਇਸ ਤੋਂ ਇਲਾਵਾ ਸਰਕਾਰੀ ਆਈ.ਟੀ.ਆਈ. ਬਠਿੰਡਾ ਤੋਂ ਸ਼੍ਰੀ ਅਮਨਦੀਪ ਸਿੰਘ ਅਤੇ ਸ਼੍ਰੀ ਗੁਰਮੇਸ਼ ਸਿੰਘ ਨੇ ਸਰਕਾਰੀ ਆਈ.ਟੀ.ਆਈ. ਬਠਿੰਡਾ ਵਿਖੇ ਚੱਲ ਰਹੇ ਵੱਖ-ਵੱਖ ਕੋਰਸਾਂ ਜਿਵੇਂ ਕਿ ਇਲੈਕਟ੍ਰੀਸ਼ਨ, ਇਲੈਕਟ੍ਰੋਨਿਕਸ, ਮਕੈਨੀਕਲ, ਫਿਟਰ ਆਦਿ ਬਾਰੇ ਵਿਦਿਆਰਥੀਆਂ ਨੂੰ ਗਾਈਡੈਂਸ ਦਿੱਤੀ ਗਈ। ਪੀ.ਐਸ.ਡੀ.ਐਮ. ਸੈਂਟਰ ਬਠਿੰਡਾ ਤੋਂ ਬਲਾਕ ਮਿਸ਼ਨ ਮੈਨਜਰ ਸ਼੍ਰੀਮਤੀ ਗਗਨ ਸ਼ਰਮਾ ਅਤੇ ਸ਼੍ਰੀ ਬਲਵੰਤ ਸਿੰਘ ਨੇ ਵੀ ਬਠਿੰਡਾ ਜਿਲ੍ਹੇ ਵਿਖੇ ਚਲਾਏ ਜਾ ਰਹੇ ਸਕਿੱਲ ਕੋਰਸਾਂ ਸਬੰਧੀ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨਾਂ ਤੋਂ ਇਲਾਵਾ ਸਕੂਲਾਂ ਦੇ ਅਧਿਆਪਕਾਂ ਵੱਲੋਂ ਵੀ ਮਾਸ ਕੌਂਸਲਿੰਗ ਦੇ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਆਪਣਾ ਯੋਗਦਾਨ ਦਿੱਤਾ ਗਿਆ।

# ਖਾਲਸਾ ਨਰਸਿੰਗ ਕਾਲਜ ਮਹਿਤਾ ਨੂੰ ਆਈ.ਐਨ.ਸੀ.ਵੱਲੋਂ ਮਿਲੀ ਮਾਨਤਾ



**ਚੌਕ ਮਹਿਤਾ, 28 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਸੰਤ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਪ੍ਰਧਾਨ ਸੰਤ ਸਮਾਜ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਇੱਕ ਸੰਸਥਾ ਖਾਲਸਾ ਨਰਸਿੰਗ ਕਾਲਜ ਮਹਿਤਾ ਚੌਂਕ ਨੂੰ ਜੀ ਐਨ ਐਮ ਕੋਰਸ ਲਈ ਇੰਡੀਅਨ ਨਰਸਿੰਗ ਕੌਂਸਿਲ ਵੱਲੋਂ ਮਾਨਤਾ ਦੇ ਦਿੱਤੀ ਗਈ ਹੈ। ਇਸ ਸਬੰਧੀ ਆਈ ਐਨ ਸੀ ਦੀ ਉੱਚ ਪੱਧਰੀ ਟੀਮ ਵੱਲੋਂ ਕੁੱਝ ਦਿਨ ਪਹਿਲਾਂ ਕਾਲਜ ਦਾ ਨਿਰੀਖਣ ਕੀਤਾ ਗਿਆ ਸੀ ਜਿਸ ਉਪਰੰਤ ਇੰਡੀਅਨ ਨਰਸਿੰਗ ਕੌਂਸਲ ਵੱਲੋਂ ਖਾਲਸਾ ਨਰਸਿੰਗ ਕਾਲਜ ਨੂੰ ਜੀ. ਐੱਨ. ਐੱਮ. ਦੀਆਂ 40 ਸੀਟਾਂ ਦੀ ਮਾਨਤਾ ਦਿੱਤੀ ਗਈ। ਖਾਲਸਾ ਨਰਸਿੰਗ ਕਾਲਜ ਵਿੱਚ ਏ.ਐੱਨ.ਐੱਮ.ਦਾ ਕੋਰਸ ਪਹਿਲਾਂ ਹੀ ਕਰਵਾਇਆ ਜਾ ਰਿਹਾ ਹੈ। ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਇਲਾਕੇ ਦੇ ਲੋਕਾਂ ਨੂੰ ਦਰਪੇਸ਼ ਚੁਣੌਤੀਆਂ ਦਾ ਸਹੀ ਢੰਗ ਨਾਲ ਹੱਲ ਕਰਨ ਦੇ ਸਮਰੱਥ ਹਨ। ਉਹਨਾਂ ਦੁਆਰਾ ਇਲਾਕੇ ਦੇ ਗਰੀਬ ਪਰਿਵਾਰਾਂ ਦੀਆਂ ਬੱਚੀਆਂ ,ਜੋ ਉਚੇਰੀ ਵਿਦਿਆ ਪ੍ਰਾਪਤ ਕਰਨ ਲਈ ਦੂਰ ਕਾਲਜਾਂ ਵਿੱਚ ਜਾਂਦੀਆਂ ਸਨ, ਲਈ ਖਾਲਸਾ ਨਰਸਿੰਗ ਕਾਲਜ ਦੇ ਰੂਪ ਵਿੱਚ ਇੱਕ ਬੜੀ ਸਹੂਲਤ ਮੁਹਾਇਆ ਕਰਵਾਈ ਗਈ। ਇਹ ਮਾਨਤਾ ਮਿਲਣ ਦੇ ਕਾਰਨ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਅਵਸਰ 'ਤੇ ਨਰਸਿੰਗ ਕਾਲਜ ਪ੍ਰਿੰਸੀਪਲ ਹਰਜੀਤ ਕੌਰ , ਮੈਡਮ ਪਰਵੀਨ ਕੌਰ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ, ਸਕੂਲ ਪ੍ਰਿੰਸੀਪਲ ਡਾਕਟਰ ਜਤਿੰਦਰ ਸ਼ਰਮਾ, ਡਾਕਟਰ ਰੁਪਿੰਦਰਜੀਤ ਸਿੰਘ, ਡਾਕਟਰ ਗੁਰਪ੍ਰਤਾਪ ਸਿੰਘ ਮੁਖੀ ਮੈਡੀਕਲ ਸੇਵਾਵਾਂ, ਡਾਕਟਰ ਚਰਨਜੀਤ ਸਿੰਘ ਆਦਿ ਨੇ ਆਪਣੀ ਖ਼ੁਸ਼ੀ ਜਾਹਿਰ ਕੀਤੀ।

# ਗ੍ਰਿਹਮੰਤਰੀ ਅਮਿਤ ਸ਼ਾਹ ਝਿਲਮਿਲ ਮੈਟਰੋ ਸਟੇਸ਼ਨ 'ਤੇ ਅੰਮ੍ਰਿਤਧਾਰੀ ਸਿੱਖ ਨਾਲ ਹੋਏ ਵਿਤਕਰੇ ਮਾਮਲੇ ਦੀ ਜਾਂਚ ਦੇ ਹੁਕਮ ਦੇਣ: ਦਿੱਲੀ ਕਮੇਟੀ



**ਨਵੀਂ ਦਿੱਲੀ, 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਅਪੀਲ ਕੀਤੀ ਹੈ ਕਿ ਉਹ ਦਿੱਲੀ ਦੇ ਝਿੱਲਮਿਲ ਰੇਲਵੇ ਸਟੇਸ਼ਨ 'ਤੇ ਇਕ ਅੰਮ੍ਰਿਤਧਾਰੀ ਸਿੱਖ ਨੂੰ ਕ੍ਰਿਪਾਨ ਧਾਰਣ ਕਰ ਕੇ ਮੈਟਰੋ ਵਿਚ ਸਵਾਰ ਨਾ ਹੋਣ ਦੇਣ ਦੀ ਵਿਤਕਰੇਭਰਪੂਰ ਘਟਨਾ ਦੇ ਜਾਂਚ ਦੇ ਹੁਕਮ ਦੇਣ ਅਤੇ ਉਹਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਸੁਰੱਖਿਆ ਬਲਾਂ ਨੂੰ ਪੰਜ ਸਿੱਖ ਕੱਕਾਰਾਂ ਤੇ ਅੰਮ੍ਰਿਤਧਾਰੀ ਸਿੰਘਾਂ ਵੱਲੋਂ ਇਹਨਾਂ ਨੂੰ ਧਾਰਣ ਕਰਨ ਦੀ ਜ਼ਰੂਰਤ ਬਾਰੇ ਜਾਣਕਾਰੀ ਦੇਣ ਲਈ ਵੀ ਲੋੜੀਂਦੇ ਹੁਕਮ ਜਾਰੀ ਕਰਨ। ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਲਿਖੇ ਇਕ ਪੱਤਰ ਵਿਚ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਝਿਲਮਿਲ ਮੈਟਰੋ ਸਟੇਸ਼ਨ 'ਤੇ ਵਾਪਰੀ ਘਟਨਾ ਦੀ ਸਖ਼ਤ ਨਿਖੇਧੀ ਕੀਤੀ ਜਿਸ ਵਿਚ ਸੁਰੱਖਿਆ ਮੁਲਾਜ਼ਮਾਂ ਨੇ ਅੰਮ੍ਰਿਤਧਾਰੀ ਸਿੰਘ ਨੂੰ 6 ਇੰਚ ਦੀ ਕ੍ਰਿਪਾਨ ਧਾਰਣ ਕਰ ਕੇ ਮੈਟਰੋ ਰੇਲਵੇ ਵਿਚ ਸਵਾਰ ਹੋਣ ਦੀ ਆਗਿਆ ਨਹੀਂ ਦਿੱਤੀ। ਉਹਨਾਂ ਕਿਹਾ ਕਿ ਸਿੱਖ ਕੱਕਾਰ ਧਾਰਨ ਕਰਨਾ ਅੰਮ੍ਰਿਤਧਾਰੀ ਸਿੰਘਾਂ ਦਾ ਸੰਵਿਧਾਨਕ ਹੱਕ ਹੈ ਅਤੇ ਝਿਲਮਿਲ ਮੈਟਰੋਲ ਸਟੇਸ਼ਨ 'ਤੇ ਤਾਇਨਾਤ ਸੁਰੱਖਿਆ ਮੁਲਾਜ਼ਮ ਨੇ ਆਪਣੀ ਮਨਮਰਜ਼ੀ ਮੁਤਾਬਕ ਹੀ ਅੰਮ੍ਰਿਤਧਾਰੀ ਸਿੰਘ ਨੂੰ ਮੈਟਰੋ ਵਿਚ ਸਵਾਰ ਹੋਣ ਤੋਂ ਰੋਕਿਆ ਹੈ ਹਾਲਾਂਕਿ ਉਸਦਾ ਫਰਜ਼ ਬਣਦਾ ਸੀ ਕਿ ਉਹ ਨਾਗਰਿਕਾਂ ਦੇ ਸੰਵਿਧਾਨਕ ਹੱਕਾਂ ਦੀ ਰਾਖੀ ਕਰਦਾ। ਉਹਨਾਂ ਕਿਹਾ ਕਿ ਉਹ ਗ੍ਰਹਿ ਮੰਤਰੀ ਦਾ ਧਿਆਨ ਇਸ ਘਟਨਾ ਵੱਲ ਇਸ ਕਰ ਕੇ ਦੁਆ ਰਹੇ ਹਨ ਕਿਉਂਕਿ ਝਿਲਮਿਲ ਮੈਟਰੋ ਸਟੇਸ਼ਨ 'ਤੇ ਇਕ ਅੰਮ੍ਰਿਤਧਾਰੀ ਸਿੰਘ ਨੂੰ ਕੱਕਾਰ ਧਾਰਣ ਕਰਨ ਕਾਰਨ ਮੈਟਰੋ ਵਿਚ ਸਵਾਰ ਹੋਣ ਤੋਂ ਰੋਕਿਆ ਗਿਆ ਹੈ ।ਸੀ ਆਈ ਐਸ ਐਫ ਦੇ ਮੁਲਾਜ਼ਮ ਦੀ ਇਹ ਕਾਰਵਾਈ ਮੌਲਿਕ ਅਧਿਕਾਰਾਂ ਦੀ ਉਲੰਘਣਾ ਹੈ। ਉਹਨਾਂ ਕਿਹਾ ਕਿ ਇਸ ਘਟਨਾ ਕਾਰਣ ਸੰਸਾਰ ਭਰ ਵਿਚ ਵਸਦੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਵੱਜੀ ਹੈ। ਉਹਨਾਂ ਹੋਰ ਕਿਹਾ ਕਿ ਹਰ ਅੰਮ੍ਰਿਤਧਾਰੀ ਸਿੰਘ ਲਈ ਇਹ ਲਾਜ਼ਮੀ ਹੈ ਕਿ ਉਹ ਪੰਜ ਕੱਕਾਰ-ਕੜਾ, ਕੰਘਾ, ਕ੍ਰਿਪਾਲ, ਕਛਹਿਰਾ ਤੇ ਕੇਸ ਧਾਰਣ ਕਰੇ। ਉਹਨਾਂ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਇਕ ਅੰਮ੍ਰਿਤਧਾਰੀ ਸਿੰਘ ਨੂੰ ਰੋਕਿਆ ਗਿਆ ਹੋਵੇ। ਉਹਨਾਂ ਕਿਹਾ ਕਿ ਭਾਰਤੀ ਕਾਨੂੰਨ ਮੁਤਾਬਕ ਅੰਮ੍ਰਿਤਧਾਰੀ ਸਿੰਘ 6 ਇੰਚ ਤੱਕ ਦੀ ਕ੍ਰਿਪਾਨ ਧਾਰਣ ਕਰ ਸਕਦਾ ਹੈ ਜੋ 9 ਇੰਚ ਤੱਕ ਦੀ ਵੀ ਹੋ ਸਕਦੀ ਹੈ। ਉਹਨਾਂ ਕਿਹਾ ਕਿ ਘਟਨਾ ਸੰਵਿਧਾਨ ਦੀ ਧਾਰਾ 25 ਦੀ ਵੀ ਉਲੰਘਣਾ ਹੈ ਜਿਸ ਤਹਿਤ ਭਾਰਤੀ ਸੰਵਿਧਾਨਕ ਵਿਚ ਨਾਗਰਿਕਾਂ ਦੇ ਮੌਲਿਕ ਅਧਿਕਾਰਾਂ ਦੀ ਜਾਣਕਾਰੀ ਦਿੱਤੀ ਗਈ ਹੈ ਜਿਸ ਤਹਿਤ ਨਾਗਰਿਕਾਂ ਨੂੰ ਧਰਮ ਦੇ ਮਾਮਲੇ ਵਿਚ ਪੂਰਨ ਆਜ਼ਾਦੀ ਹੈ। ਉਹਨਾਂ ਨੇ ਗ੍ਰਹਿ ਮੰਤਰੀ ਨੂੰ ਅਪੀਲ ਕੀਤੀ ਕਿ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਖਿਆਲ ਰੱਖਦਿਆਂ ਉਹ ਮਾਮਲੇ ਦੀ ਜਾਂਚ ਦੇ ਹੁਕਮ ਦੇਣ ਅਤੇ ਸੀ ਆਈ ਐਸ ਐਫ ਦੇ ਦੋਸ਼ੀ ਮੁਲਾਜ਼ਮ ਨੂੰ ਨਿਯਮਾਂ ਮੁਤਾਬਕ ਸਜ਼ਾ ਵੀ ਮਿਲਣੀ ਚਾਹੀਦੀ ਹੈ ਤੇ ਭਾਰਤੀ ਸੰਵਿਧਾਨ ਮੁਤਾਬਕ ਹਰ ਨਾਗਰਿਕ ਦੇ ਅਧਿਕਾਰਾਂ ਦਾ ਸਨਮਾਨ ਹੋਣਾ ਚਾਹੀਦਾ ਹੈ।

## ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹਾਦਤ ਨੂੰ ਸਮਰਪਿਤ ਸ਼੍ਰੀ ਹਜ਼ੂਰ ਸਾਹਿਬ ਵਿਖੇ ਕਰਵਾਏ ਜਾਣਗੇ ਵਿਸ਼ੇਸ਼ ਗੁਰਮਤਿ ਸਮਾਗਮ



**ਚੌਕ ਮਹਿਤਾ, 28 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨੌਵੇਂ ਸਤਿਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹਾਦਤ ਨੂੰ ਸਮਰਪਿਤ, ਮਾਨਯੋਗ ਜੱਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਪੰਜਪਿਆਰੇ ਸਾਹਿਬਾਨ ਦੇ ਸਰਪ੍ਰਸਤੀ ਹੇਠ ਗੁਰਦੁਆਰਾ ਸੱਚਖੰਡ ਬੋਰਡ ਦੇ ਮਾਨਯੋਗ ਪ੍ਰਸ਼ਾਸਕ ਡਾ. ਵਿਜੇ ਸਤਬੀਰ ਸਿੰਘ ਜੀ ਦੇ ਮਾਰਗਦਰਸ਼ਨ ਵਿੱਚ ਅਤੇ ਗੁਰਦੁਆਰਾ ਬੋਰਡ ਦੇ ਸਹਿਯੋਗ ਨਾਲ ਪੰਜਾਬੀ ਪ੍ਰਮੋਸ਼ਨ ਕੌਂਸਲ ਵੱਲੋਂ ਮਿਤੀ 30 ਨਵੰਬਰ ਨੂੰ ਤਖਤ ਸੱਚਖੰਡ ਸਾਹਿਬ ਵਿਖੇ ਅਤੇ ਮਿਤੀ 1 ਦਸੰਬਰ 2024 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ ਵਿਖੇ "ਵਿਸ਼ੇਸ਼ ਗੁਰਮਤਿ ਸਮਾਗਮ" ਦਾ ਆਯੋਜਨ ਕੀਤਾ ਗਿਆ ਹੈ। ਜਿਸ ਵਿੱਚ ਪੰਥ ਪ੍ਰਸਿਧ ਰਾਗੀ ਭਾਈ ਦਵਿੰਦਰ ਸਿੰਘ ਜੀ ਖੰਨੇਵਾਲੇ, ਭਾਈ ਗੁਰਸ਼ਰਨ ਸਿੰਘ ਜੀ ਲੁਧਿਆਣੇ ਵਾਲੇ ਅਤੇ ਭਾਈ ਕਿਸ਼ੋਰ ਸਿੰਘ ਜੀ ਹਜੂਰੀ ਰਾਗੀ ਅੰਮ੍ਰਿਤਮਈ ਗੁਰਬਾਣੀ ਦੁਆਰਾ ਸੰਗਤਾ ਨੂੰ ਨਿਹਾਲ ਕਰਣਗੇ। ਇਹ ਸਮਾਗਮ ਰਾਤ ਠੀਕ 8.30 ਵਜੇ ਅਰਦਾਸ ਕਰਕੇ ਆਰੰਭ ਹੋਵੇਗਾ। ਤੇ ਰਾਤ 12 ਵਜੇ ਤਕ ਚਲੇਗਾ। ਸਮੂੰਹ ਸਾਧ-ਸੰਗਤ ਨੂੰ ਬੇਨਤੀ ਹੈ ਕਿ, ਦੋਵੇਂ ਦਿਵਾਨਾਂ ਵਿੱਚ ਹਾਜ਼ਰੀਆਂ ਭਰ ਕਰ ਗੁਰੂ ਸਾਹਿਬ ਪ੍ਰਤਿ ਆਪਣੀ ਸ਼ਰਧਾ ਭੇਟ ਕਰੋ ਜੀ।

### ਸਰਪੰਚੀ ਚੋਣ ਜਿੱਤਣ ਤੋਂ ਬਾਅਦ ਗੁਰਮੀਤ ਸਿੰਘ ਸਰਪੰਚ ਨੇ ਆਪਣੇ ਗ੍ਰਹਿ ਵਿਖੇ

# ਸਹਿਜ ਪਾਠ ਕਰਵਾ ਕੇ ਗੁਰੂ ਗ੍ਰੰਥ ਸਾਹਿਬ ਮਹਾਰਾਜ ਦਾ ਕੀਤਾ ਸ਼ੁਕਰਾਨਾ

## ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਜਿਨਾਂ ਨੂੰ ਮੁੱਖ ਮਹਿਮਾਨ ਵਜੋਂ ਸਦ ਕਰਕੇ ਉਹਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਦਿੱਤਾ ਗਿਆ













**ਫਿਰੋਜ਼ਪੁਰ 27 ਨਵੰਬਰ ( ਸੁਖਮੰਦਰ ਸਿੰਘ ਸ਼ਾਤ )**-ਪਿਛਲੇ ਦਿਨੀ ਹੋਈਆਂ ਪੰਚਾਇਤੀ ਚੋਣਾਂ ਦੇ ਵਿੱਚੋਂ ਪਿੰਡ ਸੁਰ ਸਿੰਘ ਵਾਲਾ ਤੋਂ ਸਰਪੰਚੀ ਦੀ ਚੋਣ ਸਰਬ ਸੰਮਤੀ ਦੇ ਨਾਲ ਜਿੱਤਣ ਤੋਂ ਬਾਅਦ ਆਪਣੇ ਗ੍ਰਹਿ ਵਿਖੇ ਸ੍ਰੀ ਸਹਿਜ ਪਾਠ ਕਰਵਾ ਕਰਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਜਿਸ ਵਿੱਚ ਉਹਨਾਂ ਨੇ ਇੰਟਰਨੈਸ਼ਨਲ ਪੰਥਕ ਤਲ ਦੀ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਜੀ ਵਲੀਆਂ ਜਿਨਾਂ ਨੇ ਪੰਚਾਇਤੀ ਚੋਣਾਂ ਦੇ ਵਿੱਚ ਮੁੱਖ ਭੂਮਿਕਾ ਨਿਭਾਈ ਬਹੁਤੇ ਪਿੰਡਾਂ ਦੇ ਵਿੱਚ ਸਰਬ ਸੰਮਤੀ ਦੇ ਨਾਲ ਸਰਪੰਚ ਬਣਾਏ ਗਏ ਉਹਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ ਅਤੇ ਇਹ ਸਮੇਂ ਸਰਪੰਚ ਗੁਰਮੀਤ ਸਿੰਘ ਵੱਲੋਂ ਬੱਚਿਆਂ ਅਤੇ ਬੱਚਿਆਂ ਨੂੰ ਸੋਲ ਦੇ ਕਰਕੇ ਅਤੇ ਹੋਰ ਸਨਮਾਨ ਚਿੰਨ ਦੇ ਕਰਕੇ ਉਹਨਾਂ ਦਾ ਹੌਸਲਾ ਅਫਸਾਈ ਵੀ ਕੀਤੀ ਗਈ ਅਤੇ ਇਹ ਸਮੇਂ ਬਾਬਾ ਸਤਨਾਮ ਸਿੰਘ ਨੇ ਵੀ ਬੋਲਦਿਆਂ ਹੋਇਆਂ ਸਾਰੇ ਹੀ ਪਿੰਡ ਸੁਰ ਸਿੰਘ ਦਾ ਧੰਨਵਾਦ ਕੀਤਾ ਜਿਨਾਂ ਨੇ ਆਪਣੇ ਪਿੰਡ ਦੇ ਵਿੱਚ ਸਰਬ ਸੰਮਤੀ ਦੇ ਨਾਲ ਇੱਕ ਸੂਝਵਾਨ ਇਨਸਾਨ ਨੂੰ ਗੁਰਸਿੱਖ ਨੂੰ ਸਰਪੰਚ ਚੁਣ ਕਰਕੇ ਪਿੰਡ ਦੀ ਬੇਹਤਰੀ ਦੇ ਲਈ ਕੰਮ ਕੀਤਾ ਤੇ ਉਹਨਾਂ ਨੇ ਇਹ ਕਿਆ ਕਿ ਇਸੇ ਤਰ੍ਹਾਂ ਹੀ ਪਿੰਡਾਂ ਨੂੰ ਰਲ ਮਿਲ ਕਰਕੇ ਪਿੰਡ ਦੇ ਵਿਕਾਸ ਦੇ ਲਈ ਅੱਗੇ ਆਉਣਾ ਚਾਹੀਦਾ ਇਸ ਸਮੇਂ ਅੱਜ ਸਨ ।ਸਰਪੰਚ ਗੁਰਮੀਤ ਸਿੰਘ ਸੁਰ ਸਿੰਘ ਵਾਲਾ, ਮੈਂਬਰ ਸ੍ਰ ਕੁਲਦੀਪ ਸਿੰਘ ਸੁਰ ਸਿੰਘ ਵਾਲਾ, ਮੈਂਬਰ ਜਥੇਦਾਰ ਸੁਖਦੇਵ ਸਿੰਘ ਸੁਰ ਸਿੰਘ ਵਾਲਾ, ਮੈਂਬਰ ਇੰਦਰਜੀਤ ਸਿੰਘ ਸੁਰ ਸਿੰਘ ਵਾਲਾ, ਮੈਂਬਰ ਸੁਰਿੰਦਰ ਸਿੰਘ ਸੁਰ ਸਿੰਘ ਵਾਲਾ, ਮੈਂਬਰ ਨੰਦ ਸਿੰਘ ਸੁਰ ਸਿੰਘ, ਸਪੋਰਟ ਸ੍ਰ ਰਣਜੀਤ ਸਿੰਘ ਸੁਰ ਸਿੰਘ ਵਾਲਾ,ਸ੍ਰ ਬਲਵੰਤ ਸਿੰਘ ਮਾਝੇ ਵਾਲਾ, ਡਾਕਟਰ ਪਰਮਜੀਤ ਸਿੰਘ,ਸ੍ਰ ਗੁਰਜੀਤ ਸਿੰਘ, ਸ੍ਰ ਸਤਨਾਮ ਸਿੰਘ, ਸ੍ਰ ਰਣਜੀਤ ਸਿੰਘ, ਸ੍ਰ ਗੁਰਵਿੰਦਰ ਸਿੰਘ, ਸ੍ਰ ਗੁਰਪ੍ਰੀਤ ਸਿੰਘ ਸਰਪੰਚ ਫਰੀਦੇਵਾਲਾ,ਸ੍ਰ ਗੁਰਨੇਕ ਸਿੰਘ ਸਰਪੰਚ ਕੁੱਲਗੜ੍ਹੀ, ਸ੍ਰ ਕਰਨੈਲ ਸਿੰਘ ਸਰਪੰਚ ਸੋਢੀ ਨਗਰ,ਸ੍ਰ ਖੁਸ਼ਪ੍ਰੀਤ ਸਿੰਘ ਸਰਪੰਚ ਸ਼ਕੂਰ ਅਤੇ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਦੇ ਨਾਲ ਸ੍ਰ ਫੁੱਮਣ ਸਿੰਘ ਵੱਲੀਆਂ, ਸ੍ਰੀ ਚਿਮਨ ਲਾਲ ਸੈਕਟਰੀ ਵੱਲੀਆਂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV







ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਬੇਅਦਬੀਆਂ ਤੇ ਸਖਤ ਕਾਨੂੰਨ ਨਾਲ ਸੰਬੰਧਿਤ ਅੱਜ ਆਪ ਵੱਲੋਂ

# ਲੋਕ ਸਭਾ ਵਿੱਚ ਸਮਾਂ ਮੰਗਿਆ ਗਿਆ ਸੀ : ਚੇਤਨ ਸਿੰਘ ਜੌੜਾਮਾਜਰਾ ਐਮ ਐਲ ਏ ਸਮਾਣਾ

**ਅੱਜ ਜਦੋਂ** ਮੈਂ ਢਾਡੀ ਮਾਨ ਸਿੰਘ ਅਕਾਲੀ ਪੰਥ ਬੁੱਢਾ ਦਲ 96 ਕਰੋੜੀ ਵੱਲੋਂ ਦਿੱਤੇ ਬਿਆਨ ਤੇ ਚੇਤਨ ਸਿੰਘ ਜੌੜਾ ਮਾਜਰਾ ਐਮਐਲਏ ਸਮਾਣਾ ਤੋਂ ਉਹਨਾਂ ਦਾ ਪੱਖ ਜਾਣਿਆ , ਸਵਾਲ ਵੀ ਕੀਤਾ ਕਿ ਤੁਹਾਡੇ ਹਲਕੇ ਦੇ ਵਿੱਚ ਇੱਕ ਸਿੰਘ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨੂੰ ਲੈ ਕੇ ਟਾਵਰ ਤੇ ਪਿਛਲੇ ਕਈ ਦਿਨਾਂ ਤੋਂ ਸੰਘਰਸ਼ ਕਰ ਰਹੇ ਹਨ ਸਵਾਲ ਦਾ ਜਵਾਬ ਦਿੰਦਿਆਂ ਚੇਤਨ ਸਿੰਘ ਜੌੜਾ ਮਾਜਰਾ ਨੇ ਕਿਹਾ ਕਿ ਇਸ ਮਸਲੇ ਤੇ ਅੱਜ ਲੋਕ ਸਭਾ ਦੇ ਵਿੱਚ ਮਾਲਵਿੰਦਰ ਕੰਗ ਵੱਲੋਂ ਮੁੱਦਾ ਚੁੱਕਿਆ ਗਿਆ ਸੀ। ਅਸਲ ਦੇ ਵਿੱਚ ਕਿਸ ਮਸਲੇ ਨੂੰ ਲੈ ਕੇ ਮਾਲਵਿੰਦਰ ਕੰਗ ਲੋਕ ਸਭਾ ਮੈਂਬਰ ਅਨੰਦਪੁਰ ਸਾਹਿਬ ਵੱਲੋਂ ਕੇਂਦਰ ਤੋਂ ਅੱਜ ਸਮਾਂ ਮੰਗਿਆ ਗਿਆ ਸੀ ?



**ਇਹ ਹੈ ਪੂਰਾ ਮਾਮਲਾ**

ਅਸਲ ਦੇ ਵਿੱਚ 27 ਅਗਸਤ 2018 ਦੇ ਵਿੱਚ ਕਾਂਗਰਸ ਸਰਕਾਰ ਵੱਲੋਂ ਪੰਜਾਬ ਰਾਜ ਵਿਧਾਨ ਸਭਾ ਵਿੱਚ ਸਾਰੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਿਆਂ ਨੂੰ ਉਮਰ ਕੈਦ ਦੀ ਸਜ਼ਾ ਯੋਗ ਬਣਾਉਣ ਲਈ ਭਾਰਤੀ ਦੰਡਾਵਲੀ (ਆਈਪੀਸੀ) ਅਤੇ ਕੋਡ ਆਫ਼ ਕ੍ਰਿਮੀਨਲ ਪ੍ਰੋਸੀਜ਼ਰ (ਸੀਆਰਪੀਸੀ) ਵਿੱਚ ਸੋਧ ਲਈ ਬਿੱਲ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਸੀ । ਜਿਸ ਕਾਨੂੰਨ ਦੇ ਮੁਤਾਬਕ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸਤਿਕਾਰਿਤ ਭਗਵਤ

**27 ਅਗਸਤ 2018 ਵਿੱਚ ਕਾਂਗਰਸ ਵੱਲੋਂ ਪਾਸ ਕੀਤਾ ਗਿਆ ਸੀ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਤੇ ਸਖਤ ਸਜ਼ਾਵਾਂ ਦੇਣ ਦਾ ਕਾਨੂੰਨ**

ਗੀਤਾ, ਪਵਿੱਤਰ ਕੁਰਾਨ ਅਤੇ ਪਵਿੱਤਰ ਬਾਈਬਲ ਨੂੰ ਸੱਟ, ਨੁਕਸਾਨ ਜਾਂ ਅਪਵਿੱਤਰ ਦਾ ਕਾਰਨ ਬਣਦਾ ਹੈ । ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਂਦਾ ਹੈ ਤਾਂ ਉਸ ਨੂੰ ਉਮਰ ਕੈਦ ਦੀ ਸਜ਼ਾ ਦਿੱਤੀ ਜਾਵੇਗੀ। ਉਦੋਂ ਤੋਂ ਲੈ ਕੇ ਅੱਜ ਤੱਕ ਉਹ ਬਿੱਲ ਮਾਨਯੋਗ ਰਾਸ਼ਟਰਪਤੀ ਕੋਲ ਵਿਚਾਰ ਅਧੀਨ ਹੈ। ਚੇਤਨ ਸਿੰਘ ਜੌੜਾ ਮਾਜਰਾ ਐਮਐਲਏ ਸਮਾਣਾ ਨੇ ਕਿਹਾ ਕਿ ਪਹਿਲਾਂ ਤੋਂ ਹੀ ਕਾਂਗਰਸ ਸਰਕਾਰ ਵੱਲੋਂ ਮਤਾ ਭੇਜਿਆ ਹੋਇਆ ਹੈ ਜਿਸ ਦੇ ਵਿੱਚ ਤੇਜ਼ੀ ਕਰਨ ਲਈ ਅੱਜ ਲੋਕ ਸਭਾ ਵਿੱਚ ਸਾਡੇ ਐਮਪੀ ਮਾਲਵਿੰਦਰ ਕੰਗ ਵੱਲੋਂ ਸਮਾਂ ਮੰਗਿਆ ਗਿਆ ਸੀ।

**-ਪਰਗਟ ਸਿੰਘ ਬਲਬੇੜਾ, 9022000070**

# ਅਨੰਦਪੁਰੀ ਪੰਚਾਇਤ ਦਾ ਹੋਇਆ ਜਨਰਲ ਇਜਲਾਸ



**ਚੌਕ ਮਹਿਤਾ, 28 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗ੍ਰਾਮ ਪੰਚਾਇਤ ਅਨੰਦਪੁਰੀ ਦੇ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਦੇ ਕਰਵਾਏ ਜਾਣਗੇ ਇਹ ਵਿਚਾਰ ਜਨਰਲ ਇਜਲਾਸ ਦੌਰਾਨ ਨਵ ਨਿਯੁਕਤ ਸਰਪੰਚ ਸਰਬਜੀਤ ਕੌਰ ਪਤਨੀ ਸਤਨਾਮ ਸਿੰਘ ਸ਼ੀਨਾ ਸਮੇਤ ਪੰਚਾਂ ਬਲਾਕ ਵੇਰਕਾ ਵੱਲੋਂ ਮੀਟਿੰਗ ਦੌਰਾਨ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਾਂਝੇ ਕੀਤੇ ਉਨਾਂ ਅਨੰਦਪੁਰੀ ਪੰਚਾਇਤ ਵਾਸੀਆਂ ਨੂੰ ਭਰੋਸਾ ਦਵਾਉਂਦਿਆਂ ਕਿਹਾ ਕਿ ਜਿੱਥੇ ਪਾਰਟੀ ਦੀ ਪੱਖਬਾਜ਼ੀ ਕਾਰਨ ਆਨੰਦਪੁਰੀ ਦੇ ਵਿਕਾਸ ਕਾਰਜ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਜਲਦ ਸ਼ੁਰੂ ਹੋਣਗੇ ਪੰਚਾਇਤ ਵਿੱਚ ਡਿਸਪੈਂਸਰੀ ਡੀਪੂ ਸਟਰੀਟ ਲਾਈਟਾਂ ਲਗਾਉਣ ਲਈ ਜਲਦ ਉਪਰਾਲਾ ਕੀਤਾ ਜਾਵੇਗਾ ਪੂਰੇ ਇਲਾਕੇ ਦੀਆਂ ਵੱਖ ਵੱਖ ਵਾਰਡਾਂ ਦੀ ਨੁਹਾਰ ਬਦਲੀ ਜਾਵੇਗੀ ਇਸ ਮੌਕੇ ਬਲਵਿੰਦਰ ਸਿੰਘ ਉੱਪਲ ਮਜੀਠੀਆ ਪੰਚ ਰਾਜਨਦੀਪ ਸਿੰਘ ਕੁਲਦੀਪ ਸਿੰਘ ਗੁਰਪ੍ਰੀਤ ਕੌਰ ਕਿਸ਼ੋਰ ਚੰਦ ਰਣਦੀਪ ਸਿੰਘ ਛੀਨਾ ਪ੍ਰਭਜੋਤ ਸਿੰਘ ਬਾਊ ਪ੍ਰਤਾਪ ਸਿੰਘ ਤਰਲੋਕ ਸਿੰਘ ਹਰਦੇਵ ਸਿੰਘ ਬਾਠ ਪ੍ਰਧਾਨ ਨਵਤੇਜ ਸਿੰਘ ਦਲਬੀਰ ਸਿੰਘ ਬਾਠ ਸਤਿਨਾਮ ਸਿੰਘ ਢਿੱਲੋਂ ਹਰਪਾਲ ਸਿੰਘ ਢਿੱਲੋਂ ਲਖਵਿੰਦਰ ਸਿੰਘ ਸੈਕਟਰੀ ਅਮਨ ਲੁਬਾਣਾ ਰੋਬਿਨ ਉਪਲ ਅਨਮੋਲ ਉਪਲ ਸੰਦੀਪ ਸਿੰਘ ਛੀਨਾ ਕਨੇਡਾ ਹਰਪਾਲ ਸਿੰਘ ਔਲਖ ਅਮਰ ਸਿੰਘ ਬੁੱਟਰ ਅਕਵਿੰਦਰ ਸਿੰਘ ਸੰਧੂ ਸੁਖ ਚਰਨ ਸਿੰਘ ਅਰਜਨ ਕੁਮਾਰ ਜਰਨੈਲ ਸਿੰਘ ਬਲਜਿੰਦਰ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

### ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਮਾਮਲਾ

# 6 ਮਹੀਨਿਆਂ ਪਿੱਛੋਂ ਸੌਦਾ ਸਾਧ ਖਿਲਾ.ਫ ਮੁੜ ਸ਼ੁਰੂ ਹੋਈ ਚੰਡੀਗੜ੍ਹ ਅਦਾਲਤ ’ਚ ਕਾਰਵਾਈ

**ਚੰਡੀਗੜ੍ਹ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਮਾਮਲੇ ਵਿੱਚ ਡੇਰਾ ਮੁਖੀ ਖ਼ਿਲਾਫ਼ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਵਿੱਚ ਸੁਣਵਾਈ ਮੁੜ ਸ਼ੁਰੂ ਹੋ ਗਈ ਹੈ। ਛੇ ਮਹੀਨਿਆਂ ਤੋਂ ਵੱਧ ਦੇ ਵਕਫ਼ੇ ਤੋਂ ਬਾਅਦ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਅਤੇ ਹੋਰਾਂ ਵਿਰੁੱਧ ਬੇਅਦਬੀ ਦੇ ਮਾਮਲਿਆਂ ਵਿੱਚ ਵੀਰਵਾਰ ਨੂੰ ਮੁਕੱਦਮੇ ਦੀ ਕਾਰਵਾਈ ਹੋਈ। ਸੁਣਵਾਈ ਦੌਰਾਨ ਡੇਰਾ ਮੁਖੀ ਵੀਸੀ ਰਾਹੀਂ ਹਾਜ਼ਰ ਹੋਇਆ। ਰਾਮ ਰਹੀਮ ਦੀ ਤਰਫੋਂ ਵਕੀਲ ਕਾਮਰਾ ਅਤੇ ਜਤਿੰਦਰ ਖੁਰਾਨਾ ਪੇਸ਼ ਹੋਏ, ਜਿਨ੍ਹਾਂ ਨੇ ਅਦਾਲਤ ਨੂੰ ਦੱਸਿਆ ਕਿ ਫ਼ਰੀਦਕੋਟ ਬੇਅਦਬੀ ਮਾਮਲੇ ਵਿੱਚ ਪੇਸ਼ ਕੀਤੇ ਗਏ ਚਲਾਨ ਦੀ ਕਾਪੀ ਅਤੇ ਉਸ ਨਾਲ ਸਬੰਧਤ ਦਸਤਾਵੇਜ਼ ਅਜੇ ਤੱਕ ਉਨ੍ਹਾਂ ਨੂੰ ਨਹੀਂ ਮਿਲੇ ਹਨ। ਇਸ ਲਈ ਪੰਜਾਬ ਸਰਕਾਰ ਉਨ੍ਹਾਂ ਨੂੰ ਦਸਤਾਵੇਜ਼ ਮੁਹੱਈਆ ਕਰਵਾਏ, ਜਿਸ ’ਤੇ ਅਦਾਲਤ ਨੇ ਪੰਜਾਬ ਸਰਕਾਰ ਨੂੰ ਅਗਲੀ ਤਰੀਕ ’ਤੇ ਦਸਤਾਵੇਜ਼ ਕਾਗਜ਼ ਮੁਹੱਈਆ ਕਰਵਾਉਣ ਲਈ ਕਿਹਾ ਹੈ। ਮਾਮਲੇ ਦੀ ਅਗਲੀ ਸੁਣਵਾਈ 19 ਦਸੰਬਰ ਨੂੰ ਹੋਵੇਗੀ। ਦੱਸ ਦਈਏ ਕਿ ਸੁਪਰੀਮ ਕੋਰਟ ਨੇ ਡੇਰਾ ਮੁਖੀ ਖਿਲਾਫ ਇਸ ਮਾਮਲੇ ਦੀ ਸੁਣਵਾਈ ’ਤੇ ਲੱਗੀ ਰੋਕ ਹਟਾ ਦਿੱਤੀ ਹੈ, ਜਿਸ ਕਾਰਨ ਹੁਣ ਡੇਰਾ ਮੁਖੀ ਖਿਲਾਫ ਸੁਣਵਾਈ ਸ਼ੁਰੂ ਹੋ ਗਈ ਹੈ। ਜ਼ਿਕਰਯੋਗ ਹੈ ਕਿ ਮਾਰਚ ਵਿੱਚ ਪੰਜਾਬ ਸਰਕਾਰ ਨੇ ਹਾਈਕੋਰਟ ਵੱਲੋਂ ਮੁਕੱਦਮੇ ਦੀ ਸੁਣਵਾਈ ’ਤੇ ਰੋਕ ਲਗਾਉਣ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਸੀ। 2015 ਵਿਚ ਬਰਗਾੜੀ ਵਿਖੇ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਤਿੰਨ ਆਪਸ ਵਿਚ ਜੁੜੇ ਮਾਮਲਿਆਂ ਵਿਚ ਰਾਮ ਰਹੀਮ ਅਤੇ ਹੋਰ ਡੇਰਾ ਪੈਰੋਕਾਰਾਂ ਵਿਰੁੱਧ ਮੁਕੱਦਮਾ ਸੁਪਰੀਮ ਕੋਰਟ ਦੇ ਨਿਰਦੇਸ਼ਾਂ ’ਤੇ ਫਰਵਰੀ, 2023 ਵਿਚ ਫਰੀਦਕੋਟ ਅਦਾਲਤ ਤੋਂ ਚੰਡੀਗੜ੍ਹ ਤਬਦੀਲ ਕਰ ਦਿੱਤਾ ਗਿਆ ਸੀ। ਪੰਜਾਬ ਪੁਲਿਸ ਦੀ ਸਪੈਸ਼ਲ ਇਨਵੈਸਟੀਗੇਟਿੰਗ ਟੀਮ ਨੇ ਬੇਅਦਬੀ ਮਾਮਲਿਆਂ ਵਿੱਚ ਰਾਮ ਰਹੀਮ ਨੂੰ ਮੁੱਖ ਸਾਜ਼ਿਸ਼ਕਰਤਾ ਵਜੋਂ ਨਾਮਜ਼ਦ ਕੀਤਾ ਸੀ। ਪੰਜਾਬ ਸਰਕਾਰ ਨੇ ਵੀ ਇਸ ਕੇਸ ਵਿੱਚ ਉਸ ਵਿਰੁੱਧ ਮੁਕੱਦਮਾ ਚਲਾਉਣ ਦੀ ਪ੍ਰਵਾਨਗੀ ਦੇ ਦਿੱਤੀ ਸੀ।



# ਯੂਨੀਅਨ ਸਿਟੀ ਦੇ ਮੇਅਰ ਗੈਰੀ ਸਿੰਘ ਵੱਲੋਂ ਸੰਤ ਬਾਬਾ ਹਰਨਾਮ ਸਿੰਘ ਜੀ ਭਿੰਡਰਾਂਵਾਲਿਆਂ ਦਾ ਸਵਾਗਤ



**ਫਰੀਮਾਂਟ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਭਿੰਡਰਾਂਵਾਲਿਆਂ ਦਾ ਯੂਨੀਅਨ ਸਿਟੀ ਦੇ ਮੇਅਰ ਗੈਰੀ ਸਿੰਘ ਵੱਲੋਂ ਭਰਪੂਰ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਆਖਿਆ ਕਿ ਉਹ ਆਪਣੇ-ਆਪ ਨੂੰ ਵਡਭਾਗਾ ਸਮਝਦੇ ਹਨ ਕਿ ਉਨ੍ਹਾਂ ਨੂੰ ਬਾਬਾ ਜੀ ਦਾ ਸਵਾਗਤ ਕਰਨ ਦਾ ਮੌਕਾ ਮਿਲਿਆ ਹੈ। ਇਸ ਦੌਰਾਨ ਬਾਬਾ ਜੀ ਨੇ ਉਨ੍ਹਾਂ ਨੂੰ ਸਿਰੋਪਾਓ ਭੇਂਟ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ। ਜ਼ਿਕਰਯੋਗ ਹੈ ਕਿ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਅੱਜਕਲ ਅਮਰੀਕਾ ਦੌਰੇ ’ਤੇ ਹਨ ਅਤੇ ਇਸ ਦੌਰਾਨ ਉਹ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿੱਚ ਜਾ ਕੇ ਧਰਮ ਪ੍ਰਚਾਰ ਦੇ ਕਾਰਜਾਂ ਅਤੇ ਪੰਥਕ ਸ਼ਖਸੀਅਤਾਂ ਨੂੰ ਮਿਲ ਕੇ ਵਿਚਾਰ-ਵਟਾਂਦਰਾ ਕਰਨ ’ਚ ਰੁਝੇ ਹੋਏ ਹਨ। ਅਮਰੀਕਾ ਦੀਆਂ ਸੰਗਤਾਂ ਵੱਲੋਂ ਉਨ੍ਹਾਂ ਨੂੰ ਭਰਵਾਂ ਪਿਆਰ ਦਿੱਤਾ ਜਾ ਰਿਹਾ ਹੈ ਅਤੇ ਉਨ੍ਹਾਂ ਦਾ ਵੱਖ-ਵੱਖ ਗੁਰਦੁਆਰਾ ਸਾਹਿਬਾਨ ਅਤੇ ਨਿੱਜੀ ਤੌਰ ’ਤੇ ਸਵਾਗਤ ਕੀਤਾ ਜਾ ਰਿਹਾ ਹੈ। ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਨੇ ਕਿਹਾ ਕਿ ਉਨ੍ਹਾਂ ਨੂੰ ਦਿਲੀ ਖੁਸ਼ੀ ਹੁੰਦੀ ਹੈ ਜਦੋਂ ਉਹ ਵਿਦੇਸ਼ਾਂ ਦੀ ਧਰਤੀ ’ਤੇ ਦਸਤਾਰਾਂ ਦਾ ਹੜ੍ਹ ਦੇਖਦੇ ਹਨ। ਉਨ੍ਹਾਂ ਕਿਹਾ ਕਿ ਆਪਣੇ ਬੱਚਿਆਂ ਨੂੰ ਵੀ ਗੁਰੂ ਨਾਲ ਜੋੜੀ ਰੱਖਣ ਲਈ ਕੇਸਾਧਾਰੀ ਤੇ ਦਸਤਾਰਧਾਰੀ ਬਣਾਓ ਅਤੇ ਆਪਣੇ ਇਤਿਹਾਸ ਤੋਂ ਜਾਣੂ ਕਰਵਾਓ। ਇਸ ਮੌਕੇ ਗੁਰਦੁਆਰਾ ਸਾਹਿਬ ਫਰੀਮਾਂਟ ਦੇ ਪ੍ਰਧਾਨ ਜਸਵਿੰਦਰ ਸਿੰਘ ਜੰਡੀ, ਜੁਝਾਰ ਸਿੰਘ ਪਰਮਾਰ, ਪਵਿੱਤਰ ਸਿੰਘ ਪੁਲਿਸ ਅਫ਼ਸਰ, ਹਰਜੀਤ ਸਿੰਘ ਸਰਪੰਚ (ਸਾਊਥਾਲ ਯੂ. ਕੇ.) ਤੋਂ ਇਲਾਵਾ ਹੋਰ ਵੀ ਪੰਥਕ ਸ਼ਖ਼ੀਅਤਾਂ ਹਾਜ਼ਰ ਸਨ।

# ਪੰਥਕ ਕਵੀ ਅੰਮ੍ਰਿਤਪਾਲ ਸਿੰਘ ਪਨੂੰ ਯਾਦਗਾਰੀ ਗੁਰਮਤਿ ਅਵਾਰਡ ਸਮਾਗਮ 1 ਦਸੰਬਰ ਨੂੰ

**ਕਥਾਵਾਚਕ ਗੁਰਪ੍ਰੀਤ ਸਿੰਘ ਦਰਦੀ ਹੋਣਗੇ ਪਹਿਲੇ ਯਾਦਗਾਰੀ ਗੁਰਮਤਿ ਅਵਾਰਡ ਨਾਲ ਸਨਮਾਨਿਤ, ਪੰਥਕ ਕਵੀ ਦਰਬਾਰ ਦੇ ਨਾਲ ਨਾਲ ਲੋਕ ਅਰਪਿਤ ਹੋਵੇਗੀ ਲਾਇਬ੍ਰੇਰੀ**



**ਜੰਡਿਆਲਾ ਗੁਰੂ, 28 ਨਵੰਬਰ (ਕੁਲਵੰਤ ਸਿੰਘ ਵਿਰਦੀ)**- ਨੌਜਵਾਨ ਪੰਥਕ ਕਵੀ ਅੰਮ੍ਰਿਤਪਾਲ ਸਿੰਘ ਪਨੂੰ ਜੋ ਨੌਜਵਾਨੀ ਵਿੱਚ ਇਸ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ, ਦੀ ਯਾਦ ਵਿੱਚ ਪਹਿਲਾ ਗੁਰਮਤਿ ਅਵਾਰਡ ਸਮਾਗਮ ਮਿਤੀ 1 ਦਸੰਬਰ ਨੂੰ ਪਿੰਡ ਖੱਬੇ ਰਾਜਪੂਤਾਂ ਵਿਖੇ ਕਰਵਾਇਆ ਜਾਵੇਗਾ। ਉਕਤ ਜਾਣਕਾਰੀ ਅੰਮ੍ਰਿਤਪਾਲ ਸਿੰਘ ਪਨੂੰ ਜੀ ਦੇ ਪਿਤਾ ਤੇ ਸਥਾਨਕ ਪਿੰਡ ਦੇ ਗੁਰਦੁਆਰਾ ਸਿੰਘ ਸਭਾ ਦੇ ਪ੍ਰਧਾਨ ਬਾਬਾ ਹਰਭਜਨ ਸਿੰਘ ਨੇ ਦਿੱਤੀ। ਉਹਨਾਂ ਦੱਸਿਆ ਕਿ ਇਹ ਸਮਾਗਮ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 349ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹੋਵੇਗਾ ਜਿਸ ਤਹਿਤ ਵਿਸ਼ੇਸ਼ ਕੀਰਤਨ ਦਰਬਾਰ, ਕਵੀ ਦਰਬਾਰ ਤੇ ਕਥਾ ਦਰਬਾਰ ਕਰਵਾਇਆ ਜਾਵੇਗਾ। ਭਾਈ ਰਵੀਦਾਸ ਜੀ ਭੋਮੇ ਵਾਲੇ ਸੰਗਤਾਂ ਨੂੰ ਕੀਰਤਨ ਦੇ ਨਾਲ ਜੋੜਨਗੇ, ਉਪਰੰਤ ਵਿਸ਼ੇਸ਼ ਕਵੀ ਦਰਬਾਰ ਵਿੱਚ ਉੱਘੇ ਪੰਥਕ ਕਵੀ ਸ. ਰਛਪਾਲ ਸਿੰਘ ਪਾਲ (ਪੰਜਾਬ ਦਾ ਰਫੀ- ਜਲੰਧਰ), ਬੀਬੀ ਮਨਜੀਤ ਕੌਰ (ਪਹੂਵਿੰਡ), ਸ. ਸ਼ੁਕਰਗੁਜ਼ਾਰ ਸਿੰਘ ਐਡਵੋਕੇਟ (ਜੰਡਿਆਲਾ ਗੁਰੂ) ਹਾਜ਼ਰੀਆਂ ਭਰਨਗੇ। ਭਾਈ ਗੁਰਪ੍ਰੀਤ ਸਿੰਘ ਦਰਦੀ ਜਿੰਨ੍ਹਾਂ ਨੂੰ ਪੰਥਕ ਕਵੀ ਅੰਮ੍ਰਿਤਪਾਲ ਸਿੰਘ ਪਨੂੰ ਪਹਿਲੇ ਯਾਦਗਾਰੀ ਗੁਰਮਤਿ ਅਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ, ਸੰਗਤ ਨੂੰ ਗੁਰਮਤਿ ਵਿਚਾਰਾਂ ਨਾਲ ਜੋੜਨਗੇ। ਇਹ ਵੀ ਦੱਸਣਯੋਗ ਹੈ ਕਿ ਉਕਤ ਸਮਾਗਮ ਦੌਰਾਨ ਪੰਥਕ ਕਵੀ ਅੰਮ੍ਰਿਤਪਾਲ ਸਿੰਘ ਪਨੂੰ ਲਾਇਬ੍ਰੇਰੀ ਵੀ ਲੋਕ ਅਰਪਿਤ ਕੀਤੀ ਜਾਵੇਗੀ।

# ਥਾਣਾ ਜੰਡਿਆਲਾ ਗੁਰੂ ਦੇ ਨਵੇਂ ਐਸ ਐਚ ਓ ਸ੍ਰ ਜਸਵਿੰਦਰ ਸਿੰਘ ਨੇ ਸੰਭਾਲਿਆ ਚਾਰਜ, ਸ਼ਰਾਰਤੀ ਅਨਸਰਾਂ ਨੂੰ ਕੀਤੀ ਸਖ਼ਤ ਤਾੜਨਾ

**ਜੰਡਿਆਲਾ ਗੁਰੂ, 28 ਨਵੰਬਰ ( ਕੁਲਵੰਤ ਸਿੰਘ ਵਿਰਦੀ )**-ਅੱਜ ਹਲਕਾ ਜੰਡਿਆਲਾ ਦੇ ਅਧੀਨ ਆਉਂਦੇ ਅਤੇ ਪੁਲਿਸ ਦਿਹਾਤੀ ਅੰਮ੍ਰਿਤਸਰ ਦੇ ਅਧੀਨ ਆਉਂਦੇ ਥਾਣਾ ਜੰਡਿਆਲਾ ਗੁਰੂ ਦੇ ਨਵੇਂ ਮੁਖੀ ਐਸ ਐੱਚ ਓ ਸ੍ਰ ਜਸਵਿੰਦਰ ਸਿੰਘ ਨੇ ਬਤੌਰ ਥਾਣਾ ਜੰਡਿਆਲਾ ਗੁਰੂ ਦਾ ਚਾਰਜ ਸੰਭਾਲਿਆ । ਗੱਲਬਾਤ ਦੌਰਾਨ ਉਹਨਾਂ ਕਿਹਾ ਕਿ ਜੰਡਿਆਲਾ ਗੁਰੂ ਦੀ ਅਮਨ ਸ਼ਾਂਤੀ ਲਈ ਉਹ ਪੂਰੇ ਵਚਨਬੱਧ ਹਨ ਅੱਗੇ ਉਨ੍ਹਾ ਸ਼ਹਿਰ ਵਾਸੀਆਂ ਅਤੇ ਇਲਾਕਾ ਵਾਸੀਆਂ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਬਿਨਾਂ ਕਿਸੇ ਡਰ ਖ਼ੌਫ਼ ਦੇ ਸ਼ਰਾਰਤੀ ਅਨਸਰਾਂ ਬਾਰੇ ਜਾਣਕਾਰੀ ਦੇਣ ਤਾਂ ਜੋ ਰਲਮਿਲ ਕੇ ਇਲਾਕੇ ਦੀ ਸੁਖ ਸ਼ਾਂਤੀ ਲਈ ਕੰਮ ਕਰੀਏ ਅੱਗੇ ਉਨ੍ਹਾ ਨੇ ਸ਼ਰਾਰਤੀ ਅਨਸਰਾਂ ਨੂੰ ਤਾੜਨਾ ਕਰਦਿਆਂ ਹੋਇਆਂ ਕਿਹਾ ਕਿ ਭੈੜੇ ਕੰਮ ਛੱਡ ਕੇ ਮੇਹਨਤ ਕਰਕੇ ਆਪਣੇ ਮਾਤਾ ਪਿਤਾ ਦੀ ਸੇਵਾ ਕਰਨ ਨਹੀਂ ਤਾਂ ਪੁਲਿਸ ਦੇ ਹੱਥ ਲੱਗਣ ਤੇ ਕੋਈ ਵੀ ਅਪੀਲ ਦਲੀਲ ਨਹੀਂ ਸੁਣੀ ਜਾਵੇਗੀ ਬਲਕਿ ਸਖਤ ਕਾਰਵਾਈ ਕੀਤੀ ਜਾਵੇਗੀ ਅਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ।



ਆਵਾਜ਼ਿ ਕੌਮ AWAZE QAUM

# ਬ੍ਰਿਟੇਨ ਦੀ ਸੰਸਦ ਵਿੱਚ ਮਨਾਇਆ ਗਿਆ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ

## ਵੱਖ-ਵੱਖ ਖੇਤਰਾਂ ਵਿਚ ਕੰਮ ਕਰਣ ਵਾਲਿਆਂ ਨੂੰ ਕੀਤਾ ਗਿਆ ਸਨਮਾਨਿਤ




**ਨਵੀਂ ਦਿੱਲੀ, 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਬ੍ਰਿਟਿਸ਼ ਸਿੱਖਾਂ ਲਈ ਆਲ ਪਾਰਟੀ ਪਾਰਲੀਮੈਂਟਰੀ ਗਰੁੱਪ ਨੇ ਸਿੱਖ ਨੈੱਟਵਰਕ ਅਤੇ ਸਿੱਖ ਫੈਡਰੇਸ਼ਨ (ਯੂ.ਕੇ.) ਦੇ ਸਹਿਯੋਗ ਨਾਲ ਸੰਸਦ ਦੇ ਸਦਨਾਂ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ 8ਵਾਂ ਪ੍ਰਕਾਸ਼ ਪੁਰਬ ਮਨਾਇਆ। ਯੂਕੇ ਦੀ ਪਾਰਲੀਮੈਂਟ ਅੰਦਰ ਇਹ ਸਮਾਗਮ 2017 ਵਿੱਚ ਸ਼ੁਰੂ ਹੋਇਆ ਸੀ ਜਦੋਂ ਸਿੱਖਾਂ ਨੇ ਆਪਣੀ ਪਹਿਲੀ ਸਿੱਖ ਮਹਿਲਾ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਅਤੇ ਪਹਿਲੇ ਦਸਤਾਰਧਾਰੀ ਸਿੱਖ ਸਰਦਾਰ ਤਨਮਨਜੀਤ ਸਿੰਘ ਢੇਸੀ ਸੰਸਦ ਮੈਂਬਰ ਚੁਣੇ ਗਏ ਸਨ । ਇਸ ਸਮਾਗਮ ਵਿੱਚ ਬਰਤਾਨੀਆ ਭਰ ਦੇ ਸਿੱਖ ਅਤੇ ਸੰਸਦ ਮੈਂਬਰ ਹਮੇਸ਼ਾ ਹੀ ਸ਼ਾਮਲ ਹੁੰਦੇ ਹਨ। ਯੂਕੇ ਦੀ ਪਾਰਲੀਮੈਂਟ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਕੁਝ ਸਿੱਖਿਆਵਾਂ ਬਾਰੇ ਸਿਆਸੀ ਅਤੇ ਮੌਜੂਦਾ ਸੰਦਰਭ ਵਿੱਚ ਗੱਲ ਕਰਨ ਦਾ ਇਹ ਇੱਕ ਵਿਲੱਖਣ ਮੌਕਾ ਹੁੰਦਾ ਹੈ। ਸਹਿ-ਮੇਜ਼ਬਾਨ ਜਸ ਅਠਵਾਲ, ਇਲਫੋਰਡ ਸਾਊਥ ਲਈ ਲੇਬਰ ਐਮਪੀ, ਬ੍ਰਿਟਿਸ਼ ਸਿੱਖਾਂ ਲਈ ਏਪੀਪੀਜੀ ਦੇ ਨਵੇਂ ਚੇਅਰ ਸਨ, ਜਿਨ੍ਹਾਂ ਨੇ ਬਰਮਿੰਘਮ ਐਜਬੈਸਟਨ ਲਈ ਲੇਬਰ ਐਮਪੀ ਪ੍ਰੀਤ ਕੌਰ ਗਿੱਲ ਦੇ ਨਾਲ ਸਮਾਗਮ ਦੀ ਪ੍ਰਧਾਨਗੀ ਸ਼ਾਨਦਾਰ ਢੰਗ ਨਾਲ ਨਿਭਾਈ । ਸਮਾਗਮ ਦੇ ਮੁੱਖ ਬੁਲਾਰੇ ਮਨਦੀਪ ਕੌਰ ਐਮਬੀਈ ਸਨ, ਜੋ ਬ੍ਰਿਟਿਸ਼ ਆਰਮਡ ਫੋਰਸਿਜ਼ ਦੇ ਕਰਮਚਾਰੀਆਂ ਲਈ ਪਹਿਲੀ ਅਤੇ ਇਕਲੌਤੀ ਸਿੱਖ ਚੈਪਲੇਨ ਸੀ। ਦੂਜੇ ਮੁੱਖ ਬੁਲਾਰੇ ਅਵਤਾਰ ਸਿੰਘ ਖੰਡਾ ਦੇ ਪਰਿਵਾਰ ਦੀ ਨੁਮਾਇੰਦਗੀ ਕਰਨ ਵਾਲੇ ਬੈਰਿਸਟਰ ਮਾਈਕਲ ਪੋਲਕ ਸਨ। ਕੁਝ ਸੰਸਦ ਮੈਂਬਰਾਂ ਤੋਂ ਇਲਾਵਾ ਕੁਝ ਹੋਰ ਮੁੱਖ ਬੁਲਾਰੇ ਸਿੱਖ ਨੈਟਵਰਕ ਤੋਂ ਜਸ ਸਿੰਘ ਅਤੇ ਸਿੱਖ ਫੈਡਰੇਸ਼ਨ (ਯੂ.ਕੇ.) ਤੋਂ ਦਬਿੰਦਰਜੀਤ ਸਿੰਘ ਸਨ। ਲੇਬਰ ਸਿੱਖ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ (ਸਲੋਹ), ਸਤਵੀਰ ਕੌਰ (ਸਾਊਥੈਂਪਟਨ ਟੈਸਟ), ਹਰਪ੍ਰੀਤ ਕੌਰ (ਹਡਰਸਫੀਲਡ), ਵਰਿੰਦਰ ਜੱਸ (ਵੁਲਵਰਹੈਂਪਟਨ ਵੈਸਟ), ਬੈਗੀ ਸ਼ੰਕਰ (ਡਰਬੀ ਸਾਊਥ) ਅਤੇ ਸੋਨੀਆ ਕੁਮਾਰ (ਡਡਲੀ) ਤੋਂ ਮੌਜੂਦਾ ਮੈਂਬਰ ਪਾਰਲੀਮੈਂਟ ਵੀ ਇਸ ਮੌਕੇ ਹਾਜਿਰ ਸਨ ।ਉਨ੍ਹਾਂ ਖੇਤਰਾਂ ਤੋਂ ਹੋਰ ਲੇਬਰ ਸੰਸਦ ਮੈਂਬਰ ਵੀ ਸਨ ਜਿੱਥੇ ਵੱਡੀ ਗਿਣਤੀ ਵਿੱਚ ਸਿੱਖ ਰਹਿੰਦੇ ਹਨ ਜਿਨ੍ਹਾਂ ਵਿੱਚ ਸਾਰਾਹ ਕੋਮਬਜ਼ (ਵੈਸਟ ਬਰੋਮਵਿਚ), ਵੈਲੇਰੀ ਵਾਜ਼ (ਵਾਲਸਾਲ ਅਤੇ ਬਲੌਕਸਵਿਚ), ਸੁਰੀਨਾ ਬ੍ਰੈਕਨਰਿਜ (ਵੋਲਵਰਹੈਂਪਟਨ ਨਾਰਥ ਈਸਟ), ਡੇਰਡਰੇ ਕੋਸੀਗਨ (ਈਲਿੰਗ ਸਾਊਥਾਲ) ਅਤੇ ਡਾਕਟਰ ਲੌਰੇਨ ਸੁਲੀਵਾਨ (ਗ੍ਰੇਵਸ਼ਮ) ਸ਼ਾਮਲ ਸਨ। ਲੈਸਟਰ ਸਾਊਥ ਤੋਂ ਆਜ਼ਾਦ ਸੰਸਦ ਮੈਂਬਰ ਚੁਣੇ ਗਏ ਸ਼ੌਕਤ ਐਡਮ ਨੇ ਵੀ ਸ਼ਿਰਕਤ ਕੀਤੀ। ਇਸ ਸਾਲ ਦਿਲਚਸਪ ਗੱਲ ਇਹ ਸੀ ਕਿ ਉਹਨਾਂ ਖੇਤਰਾਂ ਤੋਂ ਨਵੇਂ ਲੇਬਰ ਸੰਸਦ ਮੈਂਬਰਾਂ ਨੇ ਵੀ ਹਿੱਸਾ ਲਿਆ ਜਿੱਥੇ ਬਹੁਤ ਘੱਟ ਸਿੱਖ ਰਹਿੰਦੇ ਹਨ, ਜਿਵੇਂ ਕਿ ਸੈਲੀ ਜੇਮਸਨ (ਡੌਨਕਾਸਟਰ ਸੈਂਟਰਲ), ਐਂਟੋਨੀਆ ਬੈਂਸ (ਟਿਪਟਨ ਅਤੇ ਵੈਡਨਸਬਰੀ) ਅਤੇ ਜੇਮਸ ਨਾਈਸ਼ (ਰਸ਼ਕਲਿਫ) ਅਤੇ ਲਿਬਰਲ ਡੈਮੋਕਰੇਟ ਐਮਪੀ, ਮੋਨਿਕਾ ਹਾਰਡਿੰਗ (ਈਸ਼ਰ ਅਤੇ) ਵਾਲਟਨ)। ਇਸ ਸਮਾਗਮ ਵਿੱਚ ਹੋਰ ਸਮਾਨ ਸਮਾਗਮਾਂ ਤੋਂ ਵੱਖਰਾਪਣ ਸੀ ਕਿ ਸਾਰੀਆਂ ਮਾਨਤਾ ਪ੍ਰਾਪਤ ਧਿਰਾਂ ਨੂੰ ਸਨਮਾਨਿਤ ਕੀਤਾ ਗਿਆ ਸੀ । ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿਚ ਲਾਰਡ ਟੌਮ ਵਾਟਸਨ, ਸਿੱਖਿਆ ਵਿੱਚ ਯੋਗਦਾਨ - ਗੁਰੂ ਨਾਨਕ ਗੁਰਦੁਆਰਾ, ਸਮੈਥਵਿਕ ਗੁਰਮਤਿ ਅਕੈਡਮੀ, ਗੁਰਸੇਵਕ ਸਿੰਘ ਸ਼ੇਰਗਿੱਲ (ਬ੍ਰਿਟ ਏਸ਼ੀਆ), ਐਂਗਸ ਸਕਾਟ (ਸਤਲੁਜ ਟੀ.ਵੀ.), ਮਨੁੱਖੀ ਅਧਿਕਾਰਾਂ ਵਿੱਚ ਯੋਗਦਾਨ ਲਈ ਮਾਈਕਲ ਪੋਲਕ, ਚੈਰਿਟੀ ਨਿਰਸਵਾਰਥ ਸੇਵਾ ਵਿੱਚ ਯੋਗਦਾਨ ਵਾਸਤੇ ਉਸਤਾਦ ਉਪਤੇਜ ਸਿੰਘ (ਬਾਬਾ ਫਤਿਹ ਸਿੰਘ ਗਤਖਾ ਅਖਾੜਾ), ਮਾਨਤਾ ਪ੍ਰਾਪਤ ਸੰਸਥਾ - ਲੇਹ ਡੇ, ਮਾਨਤਾ ਪ੍ਰਾਪਤ ਅੰਤਰਰਾਸ਼ਟਰੀ ਯੋਗਦਾਨ - ਭਾਈ ਮੋਨਿੰਦਰ ਸਿੰਘ ਜੀ ਕੈਨੇਡਾ ਅਤੇ ਮਾਨਤਾ ਪ੍ਰਾਪਤ ਲਾਈਫਟਾਈਮ ਅਚੀਵਮੈਂਟ ਅਵਾਰਡ - ਹਰਮੰਦਰ ਸਿੰਘ ਦੇ ਨਾਮ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਪਾਕ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਰਨਲ ਸਕੱਤਰ ਬੀਬੀ ਸਤਵੰਤ ਕੌਰ ਦੀ ਹਾਜ਼ਿਰੀ ਵਿਚ ਕਿਤਾਬ "ਕੌਰਨਾਮਾ" ਗੁਰਦੁਆਰਾ ਸ਼ਹੀਦ ਸਿੰਘ ਸਿੰਘਣੀ ਲਾਹੌਰ ਵਿਖੇ ਕੀਤੀ ਗਈ ਜਾਰੀ



**ਨਵੀਂ ਦਿੱਲੀ, 28 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਖਾੜਕੂ ਸੰਘਰਸ਼ ਦੀਆਂ ਸ਼ਹੀਦ ਬੀਬੀਆਂ ਦੀ ਗਾਥਾ ਕਿਤਾਬ "ਕੌਰਨਾਮਾ" ਗੁਰਦੁਆਰਾ ਸ਼ਹੀਦ ਸਿੰਘ ਸਿੰਘਣੀ ਲਾਹੌਰ ਵਿਖੇ ਵਿਦੇਸ਼ੀ ਸਿੱਖ ਸੰਗਤ ਵੱਲੋਂ ਜੈਕਾਰਿਆਂ ਦੀ ਗੂੰਜ ਵਿਚ ਜਾਰੀ ਕੀਤੀ ਗਈ। ਸੰਗਤਾਂ ਨੂੰ ਸੰਬੋਧਨ ਕਰਦਿਆ ਜਰਮਨੀ ਤੋਂ ਪੁੱਜੇ ਸਿੱਖ ਫੈਡਰੇਸ਼ਨ ਦੇ ਆਗੂ ਤੇ ਸ਼ਹੀਦ ਪਰਿਵਾਰਾਂ 'ਚੋਂ ਭਾਈ ਗੁਰਮੀਤ ਸਿੰਘ ਖਨਿਆਣ ਨੇ ਕਿਹਾ ਕਿ ਸ਼ਹੀਦ ਸਿੰਘਣੀ ਦੀ ਇਹ ਵਾਰਤਾ ਇਕ ਇਤਿਹਾਸਕ ਦਸਤਾਵੇਜ਼ ਹੈ। ਉਹਨਾਂ ਕਿਹਾ ਕਿ ਇਹ ਸਮੁੱਚੇ ਅਦਾਰੇ ਤੇ ਪੰਜਾਬ ਵਾਸੀਆਂ ਲਈ ਫ਼ਖ਼ਰ ਵਾਲੀ ਗੱਲ ਹੈ ਕਿ ਇਹ ਕਿਤਾਬ ਉਸ ਮਹਾਨ ਪਵਿੱਤਰ ਅਸਥਾਨ, ਜਿੱਥੇ ਸ਼ਹੀਦ ਸਿੰਘਾਂ ਤੇ ਸਿੰਘਣੀਆਂ ਨੇ ਸ਼ਹਾਦਤਾਂ ਦਿੱਤੀਆਂ, ਉਸ ਥਾਂ ਤੋਂ ਲਹਿੰਦੇ ਪੰਜਾਬ ਦੇ ਪਾਠਕਾਂ ਲਈ ਜਾਰੀ ਕੀਤੀ ਗਈ। ਉਹਨਾਂ ਕਿਹਾ ਕਿ ਲਾਹੌਰ ਇਕ ਉਹ ਇਤਿਹਾਸਕ ਸਥਾਨ ਹੈ ਜਿਥੋਂ ਸਿੱਖ ਰਾਜ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵੇਲੇ ਸਿੱਖ ਸਲਤਨਤ ਦੇ ਸਿੱਕੇ ਜਾਰੀ ਹੁੰਦੇ ਸਨ ਤੇ ਨੀਤੀਆਂ ਘੜੀਆਂ ਜਾਂਦੀਆਂ ਸਨ। ਵਿਦੇਸ਼ੀ ਸਿੱਖਾਂ ਨਾਲ ਪਾਕਿਤਸਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਰਨਲ ਸਕੱਤਰ ਬੀਬੀ ਸਤਵੰਤ ਕੌਰ ਨੇ ਕਿਤਾਬ ਜਾਰੀ ਕਰਨ ਸਮੇਂ ਕਿਹਾ ਕਿ ਇਹਨਾਂ ਖਾੜਕੂ ਸ਼ਹੀਦ ਬੀਬੀਆਂ ਨੇ ਪੁਰਾਤਨ ਸਿੰਘਣੀਆਂ ਵਾਂਗ ਬੰਦ-ਬੰਦ ਕਟਵਾ ਕੇ ਕੁਰਬਾਨੀਆਂ ਦੇ ਕੇ ਕੌਮ ਦੀ ਲੱਜਾ ਰੱਖੀ ਤੇ ਇਸ ਨੂੰ ਇਤਿਹਾਸ ਨੂੰ ਦਸਤਾਵੇਜ਼ ਦੇ ਰੂਪ ਵਿਚ ਲਿਖ ਕੇ ਸਾਂਭਣਾ ਇਕ ਚੰਗਾ ਕਾਰਜ ਹੈ। ਮੀਡੀਆ ਨੂੰ ਭੇਜੇ ਗਏ ਪ੍ਰੈਸ ਬਿਆਨ ਵਿੱਚ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਦੱਸਿਆ ਕਿ ਭਾਈ ਗੁਰਮੀਤ ਸਿੰਘ ਖਨਿਆਣ ਦੇ ਸਹਿਯੋਗ ਤੇ ਭਾਈ ਦਲਜੀਤ ਸਿੰਘ ਬਿੱਟੂ ਦੀ ਅਗਵਾਈ 'ਚ ਸੀਨੀਅਰ ਪੱਤਰਕਾਰ ਤੇ ਲੇਖਕ ਬਲਜਿੰਦਰ ਸਿੰਘ ਵੱਲੋਂ ਲਿਖੀ ਗਈ ਕਿਤਾਬ "ਕੌਰਨਾਮਾ" ਪਹਿਲੀ ਵਾਰ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੀ ਬਰਸੀ 'ਤੇ ਉਹਨਾਂ ਦੇ ਇਤਿਹਾਸਕ ਨਗਰ ਤੋਂ ਜਾਰੀ ਕੀਤੀ ਗਈ, ਕਿਤਾਬ ਚਰਚਾ ਵਿਚ ਆਉਂਣ 'ਤੇ ਕਈ ਦੇਸ਼ਾਂ ਵਿਚ ਕਿਤਾਬ ਦੇ ਵੱਖ ਵੱਖ ਐਡੀਸ਼ਨ ਜਾਰੀ ਕੀਤੇ ਗਏ। ਇਸ ਮੌਕੇ ਸ਼ਹੀਦ ਪਰਿਵਾਰਾਂ 'ਚੋਂ ਤੇ ਜਰਮਨ ਤੋਂ ਸਿੱਖ ਫੈਡਰੇਸ਼ਨ ਦੇ ਆਗੂ ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ, ਭਾਈ ਅਮਰਜੀਤ ਸਿੰਘ ਮੰਗੁਪੁਰ, ਭਾਈ ਮੱਖਣ ਸਿੰਘ ਯੂ.ਐਸ.ਏ., ਭਾਈ ਅਵਤਾਰ ਸਿੰਘ ਪੱਡਾ, ਭਾਈ ਪ੍ਰਿਥੀਪਾਲ ਸਿੰਘ ਬੈਲਜੀਅਮ, ਭਾਈ ਹਰੀ ਸਿੰਘ ਖੱਟਰ ਤੇ ਹੋਰ ਸਿੱਖ ਆਗੂ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਈਰਾਨ ਨੂੰ ਸੰਵੇਦਨਸ਼ੀਲ ਜਾਣਕਾਰੀ ਦੇਣ ਦੇ ਮਾਮਲੇ 'ਚ ਸਾਬਕਾ ਬ੍ਰਿਟਿਸ਼ ਫੌਜੀ ਦੋਸ਼ੀ ਸਾਬਤ

**ਲੰਡਨ :** ਇਕ ਸਾਬਕਾ ਬ੍ਰਿਟਿਸ਼ ਫੌਜੀ ਨੂੰ ਈਰਾਨ ਦੀ ਖੁਫੀਆ ਏਜੰਸੀ ਨੂੰ ਸੰਵੇਦਨਸ਼ੀਲ ਜਾਣਕਾਰੀ ਦੇਣ ਦਾ ਦੋਸ਼ੀ ਠਹਿਰਾਇਆ ਗਿਆ ਹੈ। ਵੂਲਵਿਚ ਕ੍ਰਾਊਨ ਕੋਰਟ ਨੇ 23 ਸਾਲਾ ਡੇਨੀਅਲ ਖਲੀਫ਼ ਨੂੰ ਸਰਕਾਰੀ ਸੀਕਰੇਟ ਐਕਟ ਦੀ ਉਲੰਘਣਾ ਕਰਨ ਦਾ ਦੋਸ਼ੀ ਪਾਇਆ। ਆਪਣੇ ਬਚਾਅ ਵਿਚ ਖਲੀਫ ਨੇ ਕਿਹਾ ਕਿ ਉਹ ਈਰਾਨ ਦੀ ਖੁਫੀਆ ਸੇਵਾ ਦੇ ਸੰਪਰਕ ਵਿਚ ਰਹਿ ਕੇ ਆਪਣੇ ਦੇਸ਼ ਬ੍ਰਿਟੇਨ ਲਈ ਕੰਮ ਕਰਨਾ ਚਾਹੁੰਦਾ ਸੀ ਅਤੇ ਇਹ ਵਿਚਾਰ ਉਸ ਦੇ ਮਨ ਵਿਚ ਟੀਵੀ ਸ਼ੋਅ 'ਹੋਮਲੈਂਡ' ਦੇਖਣ ਤੋਂ ਬਾਅਦ ਆਇਆ ਸੀ। ਉਸਨੇ ਸਤੰਬਰ 2023 ਵਿੱਚ ਲੰਡਨ ਦੀ ਜੇਲ੍ਹ ਤੋਂ ਫਰਾਰ ਹੋਣ ਤੱਕ ਅਤੇ ਤਿੰਨ ਦਿਨਾਂ ਤੱਕ ਭਗੌੜੇ ਰਹਿਣ ਤੱਕ ਜੂਰੀਜ਼ ਨੂੰ ਦੱਸਿਆ ਕਿ ਮੈਂ ਆਪਣੀ ਰਾਸ਼ਟਰੀ ਸੁਰੱਖਿਆ ਨੂੰ ਅੱਗੇ ਵਧਾਉਣ ਲਈ ਆਪਣੇ ਪਿਛੋਕੜ ਦੀ ਵਰਤੋਂ ਕਰਨਾ ਚਾਹੁੰਦਾ ਸੀ। ਮੁਕੱਦਮੇ ਦੌਰਾਨ, ਖਲੀਫ ਨੇ ਬਚਣ ਲਈ ਦੋਸ਼ੀ ਮੰਨਿਆ, ਪਰ ਜਾਸੂਸੀ ਦੇ ਦੋਸ਼ਾਂ ਦਾ ਮੁਕਾਬਲਾ ਕਰਨਾ ਜਾਰੀ ਰੱਖਿਆ। ਖਲੀਫ 16 ਸਾਲ ਦੀ ਉਮਰ ਵਿੱਚ ਫੌਜ ਵਿੱਚ ਭਰਤੀ ਹੋਇਆ ਸੀ ਅਤੇ ਫੌਜ ਦੀ ਸੰਚਾਰ ਯੂਨਿਟ 'ਰਾਇਲ ਕੋਰ ਆਫ ਸਿਗਨਲ' ਵਿੱਚ ਤਾਇਨਾਤ ਸੀ। ਉਸਨੇ ਇੱਕ ਜਾਸੂਸ ਬਣਨ ਦੀ ਇੱਛਾ ਪ੍ਰਗਟ ਕੀਤੀ, ਪਰ ਉਸਨੂੰ ਦੱਸਿਆ ਗਿਆ ਕਿ ਉਹ ਖੁਫੀਆ ਸੇਵਾ ਵਿੱਚ ਸ਼ਾਮਲ ਨਹੀਂ ਹੋ ਸਕਦਾ ਕਿਉਂਕਿ ਉਸਦੀ ਮਾਂ ਈਰਾਨ ਤੋਂ ਸੀ। ਸਰਕਾਰੀ ਵਕੀਲਾਂ ਦੇ ਅਨੁਸਾਰ, 17 ਸਾਲ ਦੀ ਉਮਰ 'ਚ ਉਹ ਈਰਾਨੀ ਖੁਫੀਆ ਏਜੰਸੀ ਨਾਲ ਜੁੜੇ ਇੱਕ ਵਿਅਕਤੀ ਨਾਲ ਸੰਪਰਕ ਕੀਤਾ ਅਤੇ ਜਾਣਕਾਰੀ ਦੇਣ ਲੱਗਾ।

## ਸਕੂਲ ਸਟਾਫ਼ ਅਤੇ ਮੈਨੇਜਮੈਂਟ ਵੱਲੋਂ ਮੁੱਖ ਮਹਿਮਾਨਾਂ ਅਤੇ ਹੋਰ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਕੀਤਾ ਸਨਮਾਨਿਤ

# ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿੱਚ ਤਿੰਨ ਰੋਜ਼ਾ ਖੇਡਾਂ ਦੀ ਹੋਈ ਸ਼ੁਰੂਆਤ

**ਜਗਰਾਉਂ - (ਵਰਿਆਮ ਹਠੂਰ)** ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਅੱਚਰਵਾਲ ਰੋਡ ਉੱਪਰ ਸਥਿੱਤ ਨਾਮਵਰ ਵਿੱਦਿਅਕ ਸੰਸਥਾ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ ਤਿੰਨ ਰੋਜ਼ਾ ਹੋਣ ਵਾਲੀਆਂ ਖੇਡਾਂ ਦੀ ਸ਼ੁਰੂਆਤ ਹੋਈ, ਸਵੇਰੇ ਸਕੂਲ ਵਿੱਚ ਪਹੁੰਚੇ ਹੋਏ ਮੁੱਖ ਮਹਿਮਾਨਾਂ ਮੈਨੇਜਮੈਂਟ, ਅਤੇ ਹੋਰ ਸਤਿਕਾਰਯੋਗ ਸ਼ਖ਼ਸੀਅਤਾਂ, ਅਤੇ ਸਕੂਲ ਸਟਾਫ਼ ਦੀ ਹਾਜ਼ਰੀ ਵਿੱਚ ਰੀਬਨ ਕੱਟਣ ਦੀ ਰਸਮ ਸ: ਭਾਗ ਸਿੰਘ ਧਾਲੀਵਾਲ ਨੇ ਤਾੜੀਆਂ ਦੀ ਗੂੰਜ ਵਿੱਚ ਕੀਤੀ, ਉਸ ਤੋਂ ਬਾਅਦ ਸਕੂਲ ਦੇ ਬੱਚਿਆਂ ਵੱਲੋਂ ਸ਼ਾਨਦਾਰ ਢੰਗ ਨਾਲ ਮਿਸਾਲ ਮਾਰਚ ਕੀਤਾ ਗਿਆ, ਜਿੱਥੇ ਸਕੂਲ ਦੇ ਬੱਚਿਆਂ ਵੱਲੋਂ ਗਿੱਧਾ, ਭੰਗੜਾ ਬੋਲੀਆਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ ਉੱਥੇ ਬੱਚਿਆਂ ਦੀ 100 ਮੀਟਰ ਰੇਸ, 200 ਮੀਟਰ ਰੇਸ 400 ਮੀਟਰ ਰੇਸ, ਕ੍ਰਿਕਟ, ਖੋ-ਖੋ, ਬਾਸਕਟਬਾਲ, ਅਤੇ ਹੋਰ ਖੇਡਾਂ ਦੀ ਸ਼ੁਰੂਆਤ ਕੀਤੀ ਤੇ ਇਹ ਖੇਡਾਂ ਲਗਾਤਾਰ ਤਿੰਨ ਦਿਨ ਚੱਲਣਗੀਆਂ, ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਨੇ ਕਿਹਾ ਕਿ ਅੱਜ ਤੋਂ ਖੇਡਾਂ ਦੀ ਸ਼ੁਰੂਆਤ ਕੀਤੀ ਗਈ ਹੈ। ਤੇ ਇਹ ਖੇਡਾਂ ਤਿੰਨ ਦਿਨ ਚੱਲਣਗੀਆਂ, ਬੱਚਿਆਂ ਵਿੱਚ ਖੇਡਾਂ ਨੂੰ ਲੈ ਕੇ ਬਹੁਤ ਉਤਸ਼ਾਹ ਹੈ। ਸਾਡੇ ਸਕੂਲ ਵੱਲੋਂ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ ਨਾਲ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਤਾਂ ਜੋ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਵਿੱਚ ਵਾਧਾ ਹੁੰਦਾ ਰਹੇ, ਤੇ ਬੱਚੇ ਖੇਡਾਂ ਵਿੱਚ ਤਰੱਕੀਆਂ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸਕੂਲ ਅਤੇ ਪੰਜਾਬ ਦਾ ਵੀ ਨਾਮ ਰੌਸ਼ਨ ਕਰਨ, ਇਸੇ ਤਰ੍ਹਾਂ ਸਮੇਂ ਸਮੇਂ ਤੇ ਸਕੂਲ ਵਿੱਚ ਬੱਚਿਆਂ ਵਿਚਕਾਰ ਖੇਡ ਕੰਪੀਟੀਸ਼ਨ, ਅਤੇ ਵਿੱਦਿਆ ਨਾਲ ਸਬੰਧਿਤ ਮੁਕਾਬਲੇ ਕਰਵਾਏ ਜਾਂਦੇ ਹਨ। ਤੇ ਸਕੂਲ ਦਾ ਸਮੂਹ ਮਿਹਨਤੀ ਸਟਾਫ਼ ਵਧਾਈ ਦਾ ਪਾਤਰ ਹੈ। ਜਿੰਨ੍ਹਾਂ ਦੀ ਬਦੌਲਤ ਬੱਚਿਆਂ ਵਿੱਚ ਅੱਛੇ ਸੰਸਕਾਰ ਪੈਦਾ ਹੋ ਰਹੇ ਹਨ। ਗੱਲਬਾਤ ਕਰਦਿਆਂ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਆਈਡੀਅਲ ਕੌਨਵੈਂਟ ਸਕੂਲ ਵੱਲੋਂ ਬੱਚਿਆਂ ਨੂੰ ਧਾਰਮਿਕ, ਅਤੇ ਸਭਿਆਚਾਰਕ ਗਤੀਵਿਧੀਆਂ ਵੱਲ ਵੀ ਪ੍ਰੇਰਿਤ ਕੀਤਾ ਜਾਂਦਾ ਹੈ। ਬੱਚਿਆਂ ਨੂੰ ਗੁਰਬਾਣੀ ਕੀਰਤਨ, ਦੀ ਸਿਖਲਾਈ ਦੇ ਨਾਲ ਨਾਲ ਸਮੇਂ ਸਮੇਂ ਤੇ ਵੱਖ ਵੱਖ ਧਾਰਮਿਕ ਸਥਾਨਾਂ, ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਦੀਦਾਰੇ ਕਰਵਾਏ ਜਾਂਦੇ ਹਨ। ਤਾਂ ਜੋ ਬੱਚਿਆਂ ਵਿੱਚ ਬਚਪਨ ਤੋਂ ਹੀ ਸਿੱਖੀ ਪ੍ਰਤੀ ਮੋਹ ਪੈਦਾ ਹੋਵੇ। ਤੇ ਸਾਡੇ ਸਕੂਲ ਦੇ ਮਿਹਨਤੀ ਸਟਾਫ਼ ਦੀ ਬਦੌਲਤ ਬੱਚੇ ਚੰਗੀ ਵਿੱਦਿਆ ਦੇ ਨਾਲ ਨਾਲ ਖੇਡਾਂ ਵਿੱਚ ਵੀ ਤਰੱਕੀਆਂ ਕਰ ਰਹੇ ਹਨ। ਇਸ ਤੋਂ ਇਲਾਵਾ ਮੈਡਮ ਪ੍ਰਭਜੋਤ ਕੌਰ ਨੇ ਵੀ ਸਕੂਲ ਗਤੀਵਿਧੀਆਂ ਬਾਰੇ ਚਰਚਾ ਕੀਤੀ, ਇਸ ਮੌਕੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਨੇ ਸਕੂਲ ਸਟਾਫ਼ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਭੂਰ ਸ਼ਲਾਘਾ ਕੀਤੀ, ਅੰਤ ਵਿੱਚ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਅਤੇ ਸਕੂਲ ਮੈਨੇਜਮੈਂਟ ਵੱਲੋਂ ਰਨਿੰਗ ਕਲੱਬ ਹਠੂਰ ਤੋਂ ਆਏ ਖੁਸ਼ਹਾਲ ਸਿੰਘ, ਪ੍ਰਮਿੰਦਰ ਸਿੰਘ ਅਤੇ ਹੋਰ ਮੈਂਬਰਾਂ, ਸਮੇਤ ਸਰਪੰਚ ਸ਼ਿੰਦਰਪਾਲ ਕੌਰ ਫੇਰੂਰਾਈ, ਭਾਈ ਹਰਪ੍ਰੀਤ ਸਿੰਘ ਖਾਲਸਾ ਅਤੇ ਹੋਰ ਸਾਰੀਆਂ ਪੁੱਜੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਤੇ ਸਾਰੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਨੇ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ, ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਭਾਗ ਸਿੰਘ ਧਾਲੀਵਾਲ, ਸਰਪੰਚ ਸ਼ਿੰਦਰਪਾਲ ਕੌਰ ਫੇਰੂਰਾਈ, ਪੰਚ ਕ੍ਰਿਪਾਲ ਸਿੰਘ ਮੋਹੀ, ਪੰਚ ਜਗਵਿੰਦਰ ਸਿੰਘ ਬੁਰਜ ਕੁਲਾਰਾ, ਪੰਚ ਕਰਮਜੀਤ ਸਿੰਘ ਗਹਿਲ, ਜਗਸੀਰ ਸਿੰਘ, ਰਨਿੰਗ ਕਲੱਬ ਤੋਂ ਖੁਸ਼ਹਾਲ ਸਿੰਘ, ਪ੍ਰਮਿੰਦਰ ਸਿੰਘ ਹਠੂਰ ਸਮੇਤ ਸਮੁੱਚਾ ਸਕੂਲ ਸਟਾਫ਼, ਸਕੂਲ ਦੇ ਬੱਚੇ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV












ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





## ਮਹਾਨ ਗੁਰਮਤਿ ਸਮਾਗਮ

ਅਕਾਲ ਚਲਾਣਾ ਭਾਈ ਮਰਦਾਨਾ ਸਾਹਿਬ ਜੀ ਅਤੇ ਜਨਮ ਦਿਹਾੜਾ ਬਾਬਾ ਗੁਰਦਿੱਤਾ ਸਾਹਿਬ ਜੀ ਅਤੇ ਜਨਮ ਦਿਹਾੜਾ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ ਸ਼ਨਿੱਚਰਵਾਰ 30 ਨਵੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

☛ ਐਤਵਾਰ 1 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਰਜਿੰਦਰ ਸਿੰਘ ਨਾਨਕਸਰ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778